ਸਾਂਝੀ ਸੋਚ
ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

VOL-12 ISSUE 2305 | 6 December, 2025 Saturday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260



ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ


# ਟਰੰਪ 30 ਦੇਸ਼ਾਂ 'ਤੇ ਯਾਤਰਾ ਪਾਬੰਦੀ ਲਾਉਣ ਦੀ ਕਰ ਰਹੇ ਤਿਆਰੀ

**ਵਾਸ਼ਿੰਗਟਨ**
**ਸਾਂਝੀ ਸੋਚ ਬਿਊਰੋ**

ਅਮਰੀਕੀ ਰਾਸ਼ਟਰਪਤੀ ਟਰੰਪ ਯਾਤਰਾ ਪਾਬੰਦੀ ਨੂੰ 30 ਤੋਂ ਵੱਧ ਦੇਸ਼ਾਂ ਤੱਕ ਵਧਾਉਣ ਦੀ ਤਿਆਰੀ ਕਰ ਰਹੇ ਹਨ। ਇਹ ਗੱਲ ਯੂਐਸ ਹੋਮਲੈਂਡ ਸਿਕਿਓਰਿਟੀ ਸੈਕਟਰੀ ਕ੍ਰਿਸਟੀ ਨੋਏਮ ਨੇ ਵੀਰਵਾਰ ਨੂੰ ਫੌਕਸ ਨਿਊਜ਼ ਦੇ "ਦ ਇੰਗ੍ਰਾਹਮ ਐਂਗਲ" 'ਤੇ ਕਹੀ। ਕ੍ਰਿਸਟੀ ਨੋਏਮ ਨੇ ਕਿਹਾ, "ਮੈਂ ਗਿਣਤੀ ਬਾਰੇ ਖਾਸ ਨਹੀਂ ਦੱਸਾਂਗੀ, ਪਰ ਇਹ 30 ਤੋਂ ਵੱਧ ਹੈ। ਰਾਸ਼ਟਰਪਤੀ ਇਨ੍ਹਾਂ ਦੇਸ਼ਾਂ ਦਾ ਮੁਲਾਂਕਣ ਕਰਨਾ ਜਾਰੀ ਰੱਖ ਰਹੇ ਹਨ।"

ਇਹ ਬਿਆਨ ਟਰੰਪ ਨਾਲ ਉਨ੍ਹਾਂ ਦੀ ਹਾਲੀਆ ਮੁਲਾਕਾਤ ਤੋਂ ਬਾਅਦ ਆਇਆ ਹੈ, ਜਿਸ ਵਿੱਚ ਨੋਏਮ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਸਾਂਝੀ ਕੀਤੀ ਸੀ ਜਿਸ ਵਿੱਚ ਅਮਰੀਕਾ ਵਿੱਚ ਅਪਰਾਧ ਨੂੰ ਉਤਸ਼ਾਹਿਤ ਕਰਨ ਵਾਲੇ ਹਰ ਦੇਸ਼ 'ਤੇ ਪੂਰੀ ਯਾਤਰਾ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ ਸੀ। ਇਸ ਤੋਂ ਪਹਿਲਾਂ, ਟਰੰਪ ਨੇ 19 ਦੇਸ਼ਾਂ ਦੇ ਨਾਗਰਿਕਾਂ ਨੂੰ ਅਮਰੀਕੀ ਨਾਗਰਿਕਤਾ ਅਤੇ ਗ੍ਰੀਨ ਕਾਰਡ ਦੇਣ ਦੀ ਪ੍ਰਕਿਰਿਆ ਨੂੰ ਰੋਕ ਦਿੱਤਾ ਸੀ। ਇਹ ਫੈਸਲਾ ਪਿਛਲੇ ਮਹੀਨੇ ਵ੍ਹਾਈਟ ਹਾਊਸ ਨੇੜੇ ਇੱਕ ਅਫਗਾਨ ਸ਼ਰਨਾਰਥੀ ਦੁਆਰਾ ਨੈਸ਼ਨਲ ਗਾਰਡਮੈਨ 'ਤੇ ਗੋਲੀਬਾਰੀ ਕਰਨ ਤੋਂ ਬਾਅਦ ਆਇਆ ਸੀ।

ਇਨ੍ਹਾਂ ਦੇਸ਼ਾਂ ਵਿੱਚ ਅਫਗਾਨਿਸਤਾਨ, ਮਿਆਂਮਾਰ, ਬੁਰੂੰਡੀ, ਚਾਡ, ਕਾਂਗੋ, ਕਿਊਬਾ, ਇਕੂਟੇਰੀਅਲ ਗਿਨੀ, ਏਰੀਟ੍ਰੀਆ, ਹੈਤੀ, ਈਰਾਨ, ਲਾਓਸ, ਲੀਬੀਆ, ਸੀਅਰਾ ਲਿਓਨ, ਸੋਮਾਲੀਆ, ਸੁਡਾਨ, ਟੋਗੋ, ਤੁਰਕਮੇਨਿਸਤਾਨ, ਵੈਨੇਜ਼ੁਏਲਾ ਅਤੇ ਯਮਨ ਸ਼ਾਮਲ ਹਨ।

ਯੂਐਸ ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ (ਯੂਐਸਸੀਆਈਐਸ) ਨੇ ਕਿਹਾ ਹੈ ਕਿ ਇਨ੍ਹਾਂ 19 ਦੇਸ਼ਾਂ ਤੋਂ



ਸਾਰੀਆਂ ਇਮੀਗ੍ਰੇਸ਼ਨ, ਨਾਗਰਿਕਤਾ ਅਤੇ ਗ੍ਰੀਨ ਕਾਰਡ ਅਰਜ਼ੀਆਂ ਨੂੰ ਰੋਕ ਦਿੱਤਾ ਜਾਵੇਗਾ। ਟਰੰਪ ਪਹਿਲਾਂ ਹੀ ਇਨ੍ਹਾਂ ਦੇਸ਼ਾਂ 'ਤੇ ਯਾਤਰਾ ਪਾਬੰਦੀ ਲਗਾ ਚੁੱਕੇ ਹਨ। ਟਰੰਪ ਦਾ ਕਹਿਣਾ ਹੈ ਕਿ ਇਹ ਉਪਾਅ ਗੈਰ-ਕਾਨੂੰਨੀ ਅਤੇ ਪਰੇਸ਼ਾਨ ਕਰਨ ਵਾਲੀਆਂ ਆਬਾਦੀਆਂ ਨੂੰ ਘਟਾ ਦੇਣਗੇ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਅਮਰੀਕਾ ਵਿੱਚ ਅਜਿਹੀਆਂ ਸਮਾਜਿਕ ਸਮੱਸਿਆਵਾਂ ਨਹੀਂ ਸਨ, ਪਰ ਹੁਣ ਗਲਤ ਇਮੀਗ੍ਰੇਸ਼ਨ ਨੀਤੀਆਂ ਕਾਰਨ ਅਪਰਾਧ ਅਤੇ ਅਰਾਜਕਤਾ ਵਧ ਗਈ ਹੈ।

ਉਨ੍ਹਾਂ ਦਾ ਮੰਨਣਾ ਹੈ ਕਿ ਤਕਨੀਕੀ ਤਰੱਕੀ ਦੇ ਬਾਵਜੂਦ, ਗਲਤ ਇਮੀਗ੍ਰੇਸ਼ਨ ਨੀਤੀਆਂ ਨੇ ਆਮ ਅਮਰੀਕੀਆਂ ਦੀ ਜ਼ਿੰਦਗੀ ਬਰਬਾਦ ਕਰ ਦਿੱਤੀ ਹੈ। ਟਰੰਪ ਨੇ ਸਪੱਸ਼ਟ ਤੌਰ 'ਤੇ ਕਿਹਾ, "ਇਸ ਸਮੱਸਿਆ ਦਾ ਇੱਕੋ ਇੱਕ ਹੱਲ ਰਿਵਰਸ ਮਾਈਗ੍ਰੇਸ਼ਨ ਹੈ, ਯਾਨੀ ਲੋਕਾਂ ਨੂੰ ਉਨ੍ਹਾਂ ਦੇ ਘਰੇਲੂ ਦੇਸ਼ਾਂ ਵਿੱਚ ਵਾਪਸ ਭੇਜਣਾ।"


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding
Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
COVERED CALIFORNIA
Certified Insurance Agent
Inderjeet Singh Mann
CA Lic# 0H82488
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਕੀ ਚੜ੍ਹਦੇ ਅਤੇ ਲਹਿੰਦੇ ਪੰਜਾਬ ਦਾ ਸੱਭਿਆਚਾਰ ਅਜੇ ਵੀ ਇੱਕ ਹੈ...?

15 ਅਗਸਤ 1947 ਦਾ ਦਿਨ ਭਾਰਤ ਲਈ ਆਜ਼ਾਦੀ ਦਾ ਤਿਉਹਾਰ ਸੀ, ਪਰ ਪੰਜਾਬ ਲਈ ਉਹ ਦਿਨ ਇਤਿਹਾਸ ਦੀ ਸਭ ਤੋਂ ਵੱਡੀ ਤਰਾਸਦੀ ਬਣ ਗਿਆ। ਰੈਡਕਲਿਫ ਦੀ ਇੱਕ ਕਲਮ ਨੇ ਪੰਜਾਬ ਨੂੰ ਦੋ ਟੋਟੇ ਕਰ ਦਿੱਤਾ। ਇੱਕ ਹਿੱਸਾ ਭਾਰਤ ਵਿੱਚ ਰਿਹਾ, ਜਿਸ ਨੂੰ ਅਸੀਂ ਚੜ੍ਹਦਾ ਪੰਜਾਬ ਆਖਦੇ ਹਾਂ ਅਤੇ ਦੂਜਾ ਹਿੱਸਾ ਪਾਕਿਸਤਾਨ ਵਿੱਚ ਚਲਾ ਗਿਆ, ਜਿਸ ਨੂੰ ਲਹਿੰਦਾ ਪੰਜਾਬ ਜਾਂ ਪੱਛਮੀ ਪੰਜਾਬ ਕਹਿੰਦੇ ਹਨ। ਇਸ ਵੰਡ ਨੇ ਨਾ ਸਿਰਫ਼ ਜ਼ਮੀਨਾਂ, ਘਰ-ਵਸੇਰੇ ਅਤੇ ਪਰਿਵਾਰਾਂ ਨੂੰ ਵੰਡਿਆ, ਸਗੋਂ ਸਾਂਝੀ ਵਿਰਾਸਤ, ਸਾਂਝੇ ਸੱਭਿਆਚਾਰ ਅਤੇ ਸਾਂਝੇ ਇਤਿਹਾਸ ਨੂੰ ਵੀ ਦੋ ਧਿਰਾਂ ਵਿੱਚ ਵੰਡ ਦਿੱਤਾ। ਉਸ ਵੇਲੇ ਲੱਖਾਂ ਲੋਕ ਮਾਰੇ ਗਏ, ਹਜ਼ਾਰਾਂ ਔਲਾਦਾਂ ਯਤੀਮ ਹੋਈਆਂ, ਲੱਖਾਂ ਔਰਤਾਂ ਦੀ ਇੱਜ਼ਤ ਲੁੱਟੀ ਗਈ। ਪਰ ਇਸ ਸਾਰੇ ਦਰਦ ਵਿੱਚ ਵੀ ਇੱਕ ਗੱਲ ਸਾਨੂੰ ਤਸੱਲੀ ਦਿੰਦੀ ਸੀ ਕਿ ਸਾਡਾ ਸੱਭਿਆਚਾਰ, ਸਾਡੀ ਬੋਲੀ, ਸਾਡੇ ਗੀਤ-ਸੰਗੀਤ, ਸਾਡੇ ਤਿਉਹਾਰ ਤਾਂ ਇੱਕੋ ਜਿਹੇ ਰਹਿਣਗੇ। ਪਰ 78 ਸਾਲਾਂ ਬਾਅਦ, ਜਦੋਂ ਅਸੀਂ ਦੋਹਾਂ ਪਾਸਿਆਂ ਦੀ ਹਕੀਕਤ ਵੇਖਦੇ ਹਾਂ ਤਾਂ ਸਵਾਲ ਉੱਠਦਾ ਹੈ, ਕੀ ਅਸਲ ਵਿੱਚ ਚੜ੍ਹਦੇ ਅਤੇ ਲਹਿੰਦੇ ਪੰਜਾਬ ਦਾ ਸੱਭਿਆਚਾਰ ਅਜੇ ਵੀ ਇੱਕ ਹੈ?

ਇੱਕ ਸਮਾਂ ਸੀ ਜਦੋਂ ਪੰਜਾਬ ਦੀ ਵਿਰਾਸਤ ਸੱਚਮੁੱਚ ਸਾਂਝੀ ਸੀ। ਗੁਰੂ ਨਾਨਕ ਦੇਵ ਜੀ ਨੂੰ ਨਨਕਾਣਾ ਸਾਹਿਬ ਵਿੱਚ ਜਨਮਿਆ ਮੰਨਿਆ ਜਾਂਦਾ ਸੀ, ਜੋ ਅੱਜ ਪਾਕਿਸਤਾਨ ਵਿੱਚ ਹੈ। ਗੁਰੂ ਅਰਜਨ ਦੇਵ ਜੀ ਨੇ ਗੁਰੂ ਗ੍ਰੰਥ ਸਾਹਿਬ ਦੀ ਬੀੜ ਨੂੰ ਕਰਤਾਰਪੁਰ ਵਿੱਚ ਰੱਖਿਆ ਸੀ, ਜੋ ਅੱਜ ਵੀ ਲਹਿੰਦੇ ਪੰਜਾਬ ਵਿੱਚ ਹੈ। ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਪਟਨਾ ਵਿੱਚ ਹੋਇਆ ਪਰ ਉਹਨਾਂ ਨੇ ਆਪਣਾ ਜੀਵਨ ਸ੍ਰੀ ਅਨੰਦਪੁਰ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿੱਚ ਬੀਤਾਇਆ। ਭਾਈ ਮਰਦਾਨਾ, ਭਾਈ ਲਾਲੋ, ਇਹ ਸਾਰੇ ਸਾਂਝੇ ਸਨ। ਮਹਾਰਾਜਾ ਰਣਜੀਤ ਸਿੰਘ ਨੇ ਲਾਹੌਰ ਨੂੰ ਆਪਣੀ ਰਾਜਧਾਨੀ ਬਣਾਇਆ ਅਤੇ ਉਸ ਸਾਮਰਾਜ ਵਿੱਚ ਹਿੰਦੂ, ਮੁਸਲਮਾਨ, ਸਿੱਖ ਸਾਰੇ ਬਰਾਬਰ ਸਨ। ਉਸ ਵੇਲੇ ਪੰਜਾਬ ਦੇ ਲੋਕਾਂ ਨੇ ਮਿਲ ਕੇ ਮੁਗਲਾਂ, ਅਫਗਾਨਾਂ ਅਤੇ ਅੰਗਰੇਜ਼ਾਂ ਦਾ ਮੁਕਾਬਲਾ ਕੀਤਾ। ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਉਧਮ ਸਿੰਘ, ਲਾਲਾ ਲਾਜਪਤ ਰਾਏ, ਮਦਨ ਲਾਲ ਢੀਂਗਰਾ, ਇਹ ਸਾਰੇ ਪੰਜਾਬੀ ਕ੍ਰਾਂਤੀਕਾਰੀ ਸਨ, ਜਿਨ੍ਹਾਂ ਦਾ ਜਨਮ ਉਸ ਪੰਜਾਬ ਵਿੱਚ ਹੋਇਆ ਜੋ ਅੱਜ ਦੋ ਦੇਸ਼ਾਂ ਵਿੱਚ ਵੰਡਿਆ ਗਿਆ ਹੈ। ਉਹਨਾਂ ਦਾ ਸੁਪਨਾ ਇੱਕ ਆਜ਼ਾਦ, ਸਾਂਝਾ ਅਤੇ ਭਾਈਚਾਰੇ ਵਾਲਾ ਪੰਜਾਬ ਸੀ।

ਪਰ ਵੰਡ ਤੋਂ ਬਾਅਦ ਲਹਿੰਦੇ ਪੰਜਾਬ ਨੇ ਆਪਣਾ ਇਤਿਹਾਸ ਹੀ ਬਦਲ ਲਿਆ। ਜਿਸ ਮਹਾਰਾਜਾ ਰਣਜੀਤ ਸਿੰਘ ਨੂੰ ਸਾਡੇ ਲਈ "ਸ਼ੇਰ-ਏ-ਪੰਜਾਬ" ਕਿਹਾ ਜਾਂਦਾ ਹੈ, ਉਸੇ ਮਹਾਰਾਜੇ ਦਾ ਬੁੱਤ 2019 ਵਿੱਚ ਲਾਹੌਰ ਵਿੱਚ ਸ਼ਰੇਆਮ ਤੋੜ ਦਿੱਤਾ ਗਿਆ। ਲੋਕਾਂ ਨੇ ਉਸ ਬੁੱਤ ਦੀ ਬੇਅਦਬੀ ਕੀਤੀ ਅਤੇ ਵੀਡੀਓ ਬਣਾ ਕੇ ਸੋਸ਼ਲ ਮੀਡੀਆ ਤੇ ਪਾਈ। ਉਸੇ ਲਾਹੌਰ ਵਿੱਚ ਜਿੱਥੇ ਮਹਾਰਾਜਾ ਰਣਜੀਤ ਸਿੰਘ ਦਾ ਦਰਬਾਰ ਹੁੰਦਾ ਸੀ, ਅੱਜ ਉੱਥੇ ਮੁਹੰਮਦ ਬਿਨ ਕਾਸਿਮ, ਮਹਿਮੂਦ ਗ਼ਜ਼ਨਵੀ, ਮੁਹੰਮਦ ਗੌਰੀ ਅਤੇ ਔਰੰਗਜ਼ੇਬ ਵਰਗੇ ਆਕਰਮਣਕਾਰੀਆਂ ਦੀਆਂ ਤਾਰੀਫਾਂ ਵਾਲੇ ਬੋਰਡ ਲੱਗੇ ਹਨ। ਇਹਨਾਂ ਆਕਰਮਣਕਾਰੀਆਂ ਨੇ ਪੰਜਾਬ ਦੇ ਮੰਦਰ ਤੋੜੇ, ਲੋਕਾਂ ਨੂੰ ਕਤਲ ਕੀਤਾ, ਔਰਤਾਂ ਨੂੰ ਗੁਲਾਮ ਬਣਾਇਆ, ਪਰ ਅੱਜ ਪਾਕਿਸਤਾਨ ਵਿੱਚ ਇਹਨਾਂ ਨੂੰ ਹੀ "ਹੀਰੋ" ਮੰਨਿਆ ਜਾਂਦਾ ਹੈ। ਸਕੂਲਾਂ ਦੀਆਂ ਕਿਤਾਬਾਂ ਵਿੱਚ ਭਗਤ ਸਿੰਘ ਨੂੰ "ਕੱਟੜ" ਅਤੇ "ਦਹਿਸ਼ਤਗਰਦ" ਲਿਖਿਆ ਜਾਂਦਾ ਹੈ। ਉਧਮ ਸਿੰਘ ਨੂੰ "ਕਾਤਲ" ਕਿਹਾ ਜਾਂਦਾ ਹੈ। ਇਹ ਸਾਰਾ ਇਤਿਹਾਸ ਬਦਲ ਦਿੱਤਾ ਗਿਆ।

ਘੱਟਗਿਣਤੀ ਭਾਈਚਾਰਿਆਂ, ਖਾਸ ਕਰਕੇ ਸਿੱਖ ਅਤੇ ਹਿੰਦੂ ਭਾਈਚਾਰੇ ਨਾਲ ਜੋ ਵਿਤਕਰਾ ਹੋ ਰਿਹਾ ਹੈ, ਉਸ ਨਾਲ ਦਿਲ ਰੋਂਦਾ ਹੈ। ਸਾਲ 1947 ਵਿੱਚ ਲਹਿੰਦੇ ਪੰਜਾਬ ਵਿੱਚ ਹਿੰਦੂ-ਸਿੱਖ ਆਬਾਦੀ 22-25% ਸੀ। ਅੱਜ ਉਹ ਸਿਰਫ਼ 1-2% ਰਹਿ ਗਈ ਹੈ। ਹਰ ਸਾਲ ਸੈਂਕੜੇ ਸਿੱਖ ਅਤੇ ਹਿੰਦੂ ਲੜਕੀਆਂ ਨੂੰ ਅਗਵਾ ਕੀਤਾ ਜਾਂਦਾ ਹੈ, ਜਬਰੀ ਇਸਲਾਮ ਕਬੂਲ ਕਰਵਾਇਆ ਜਾਂਦਾ ਹੈ ਅਤੇ ਉਹਨਾਂ ਦੀਆਂ ਸ਼ਾਦੀਆਂ ਮੁਸਲਮਾਨ ਮਰਦਾਂ ਨਾਲ ਕਰਵਾ ਦਿੱਤੀਆਂ ਜਾਂਦੀਆਂ ਹਨ। ਤਾਜ਼ਾ ਮਿਸਾਲ ਸਰਬਜੀਤ ਕੌਰ ਦੀ ਹੈ, ਜੋ ਨਨਕਾਣਾ ਸਾਹਿਬ ਦਰਸ਼ਨਾਂ ਲਈ ਗਈ ਸੀ ਅਤੇ ਉੱਥੇ ਹੀ ਉਸ ਨੂੰ "ਨੂਰ ਹੁਸੈਨ" ਬਣਾ ਕੇ ਉਸ ਦਾ ਨਿਕਾਹ ਕਰਵਾ ਦਿੱਤਾ ਗਿਆ। ਜਦਕਿ ਪਾਕਿਸਤਾਨੀ ਸਰਕਾਰ ਜਾਂ ਸਾਡੇ ਲਹਿੰਦੇ ਪੰਜਾਬ ਦਾ ਭਾਈਚਾਰਾ ਚਾਹੁੰਦਾ ਤਾਂ ਇਸ ਮਸਲੇ ਨੂੰ ਸੰਜੀਦਗੀ ਨਾਲ ਸੁਲਝਾਅ ਸਕਦਾ ਸੀ ਅਤੇ ਸਰਬਜੀਤ ਕੌਰ ਨੂੰ ਵਾਪਿਸ ਭਾਰਤ ਭੇਜ ਸਕਦਾ ਸੀ, ਪਰ ਉਸ ਨੇ ਅਜਿਹਾ ਨਹੀਂ ਕੀਤਾ। ਇਹ ਇੱਕੋ-ਇੱਕ ਵਾਕਿਆ ਨਹੀਂ ਹੈ। ਹਰ ਸਾਲ ਅਜਿਹੇ ਸੈਂਕੜੇ ਮਾਮਲੇ ਸਾਹਮਣੇ ਆਉਂਦੇ ਹਨ ਪਰ "ਭਾਈਚਾਰੇ" ਦੇ ਨਾਮ ਤੇ ਚੁੱਪ ਰਹਿਣ ਵਾਲੇ ਬਹੁਤ ਹਨ।

ਇਸੇ ਤਰ੍ਹਾਂ ਭਾਰਤ-ਪਾਕਿਸਤਾਨ ਤਣਾਅ ਦੇ ਸਮੇਂ ਲਹਿੰਦੇ ਪੰਜਾਬ ਦੇ ਕਲਾਕਾਰਾਂ ਅਤੇ ਬੁੱਧੀਜੀਵੀਆਂ ਵੱਲੋਂ ਜੋ ਬਿਆਨਬਾਜ਼ੀ ਹੁੰਦੀ ਹੈ, ਉਹ ਵੀ ਬਹੁਤ ਦਰਦ ਦਿੰਦੀ ਹੈ। ਅਪਰੇਸ਼ਨ ਸਿੰਧੂਰ ਦੇ ਹਮਲੇ ਤੋਂ ਬਾਅਦ ਪਾਕਿਸਤਾਨੀ ਅਦਾਕਾਰ ਇਫ਼ਤਿਖ਼ਾਰ ਚੌਧਰੀ ਨੇ ਪੰਜਾਬੀਆਂ ਲਈ ਬਹੁਤ ਘਟੀਆ ਸ਼ਬਦ ਵਰਤੇ। ਉਸ ਨੇ ਸਾਡੇ ਲੋਕਾਂ ਲਈ "ਨਿਸਤੇ ਨਾਬੂਤ" ਕਰ ਦੇਣ ਵਰਗੇ ਸ਼ਬਦ ਕਹੇ। ਪਰ ਉਸੇ ਪਾਕਿਸਤਾਨੀ ਕਲਾਕਾਰਾਂ ਨੂੰ ਜਦੋਂ ਭਾਰਤ ਵਿੱਚ ਫਿਲਮਾਂ ਕਰਨ ਦਾ ਮੌਕਾ ਮਿਲਦਾ ਹੈ ਤਾਂ ਉਹ ਆ ਕੇ "ਪੰਜਾਬੀ ਭਾਈਚਾਰੇ" ਦੀਆਂ ਗੱਲਾਂ ਕਰਦੇ ਹਨ। ਦਲਜੀਤ ਦੋਸਾਂਝ ਦੀ ਫਿਲਮ ਵਿੱਚ ਪਾਕਿਸਤਾਨੀ ਅਦਾਕਾਰਾਂ ਨੂੰ ਲਿਆ ਗਿਆ ਸੀ ਅਤੇ ਫਿਲਮ ਬਹੁਤ ਹਿੱਟ ਹੋਈ, ਪਰ ਜਦੋਂ ਉਸੇ ਫਿਲਮ ਨੂੰ ਭਾਰਤ ਵਿੱਚ ਰਿਲੀਜ਼ ਕਰਨ ਦੀ ਗੱਲ ਆਈ ਤਾਂ ਕੁਝ ਲੋਕਾਂ ਨੇ ਵਿਰੋਧ ਕੀਤਾ। ਫਿਰ ਵੀ ਫਿਲਮ ਰਿਲੀਜ਼ ਹੋਈ ਅਤੇ ਕਮਾਈ ਕੀਤੀ। ਇਸ ਤਰ੍ਹਾਂ ਦੇ ਪ੍ਰੋਜੈਕਟ ਅਸਲ ਵਿੱਚ ਪੈਸੇ ਦੀ ਖ਼ਾਤਰ ਹੁੰਦੇ ਹਨ, ਭਾਈਚਾਰੇ ਦੀ ਖ਼ਾਤਰ ਨਹੀਂ। ਕਿਉਂਕਿ ਦੋਹਾਂ ਮੁਲਕਾਂ ਦੇ ਕਲਾਕਾਰਾਂ ਦੀ ਫੈਨ ਫੋਲਵਿੰਗ ਹੋਣ ਕਾਰਨ ਫਿਲਮ ਦੋਹਾਂ ਮੁਲਕਾਂ ਦੀ ਕਮਨਿਊਟੀ ਵੱਲੋਂ ਦੇਖੀ ਜਾਂਦੀ ਹੈ ਅਤੇ ਚੋਖੀ ਕਮਾਈ ਕੀਤੀ ਜਾਂਦੀ ਹੈ।

ਅੱਜ ਕੱਲ੍ਹ ਸੋਸ਼ਲ ਮੀਡੀਆ ਤੇ ਕਈ ਬਲੌਗਰ ਅਤੇ ਯੂਟਿਊਬਰ ਪਾਕਿਸਤਾਨ ਜਾ ਕੇ ਰੀਲਾਂ ਬਣਾਉਂਦੇ ਹਨ। ਉਹ ਆਪਣੇ ਪੁਰਾਣੇ ਪਿੰਡਾਂ ਵਿੱਚ ਜਾਂਦੇ ਹਨ, ਲੋਕਾਂ ਨਾਲ ਗਲਵੱਕੜੀਆਂ ਪਾਉਂਦੇ ਹਨ, "ਯਾਰੀ" ਵਾਲੇ ਗੀਤ ਗਾਉਂਦੇ ਹਨ ਅਤੇ ਫੇਮ ਖੱਟਦੇ ਹਨ। ਪਰ ਇਹ ਸਾਰਾ ਕੁਝ ਸਿਰਫ਼ ਵਿਊਜ਼ ਅਤੇ ਪੈਸੇ ਦੀ ਖ਼ਾਤਰ ਹੁੰਦਾ ਹੈ। ਜਦੋਂ ਉਹਨਾਂ ਨੂੰ ਪਤਾ ਹੁੰਦਾ ਹੈ ਕਿ ਪਾਕਿਸਤਾਨੀ ਬਲੌਗਰ ਨਾਲ ਰੀਲ ਬਣਾਉਣ ਨਾਲ ਦੋਹਾਂ ਪਾਸਿਆਂ ਦੇ ਲੋਕ ਲਾਈਕ ਕਰਨਗੇ, ਤਾਂ ਉਹ ਤੁਰੰਤ ਤਿਆਰ ਹੋ ਜਾਂਦੇ ਹਨ। ਉਹਨਾਂ ਨੂੰ ਕੋਈ ਪੁਛਣ ਵਾਲਾ ਹੋਵੇ ਕਿ ਉਹਨਾਂ ਵੱਲੋਂ ਆਪਣੇ ਘੱਟ-ਗਿਣਤੀ ਨਾਲ ਸੰਬੰਧਿਤ ਭਾਈਚਾਰੇ ਦੇ ਲੋਕਾਂ ਦਾ ਤੁਸੀਂ ਕਿੰਨਾ ਹਾਲ-ਚਾਲ ਪੁਛਿਆ ਹੈ? ਕਿੰਨਾ ਉਹਨਾਂ ਦੀਆਂ ਦੁੱਖ ਤਕਲੀਫਾਂ ਨੂੰ ਸੋਸ਼ਲ ਮੀਡੀਆ ਤੇ ਰੀਲ ਬਣਾ ਕੇ ਦੱਸਿਆ ਹੈ? ਉਹ ਬਿਲਕੁੱਲ ਇਸ ਤਰ੍ਹਾਂ ਨਹੀਂ ਕਰਨਗੇ, ਕਿਉਂ ਉਹਨਾਂ ਦਾ ਮਕਸਦ ਫੈਨ ਫੋਲਵਿੰਗ ਵਧਾਉਣਾ ਹੁੰਦਾ ਹੈ ਨਾ ਕਿ ਆਪਣਾ ਨਿੱਜੀ ਨੁਕਸਾਨ ਕਰਨਾ। ਇਸਦੇ ਨਾਲ ਹੀ ਜਦੋਂ ਕੋਈ ਸਿੱਖ ਜਾਂ ਹਿੰਦੂ ਲੜਕੀ ਅਗਵਾ ਹੋ ਜਾਂਦੀ ਹੈ, ਜਾਂ ਮਹਾਰਾਜਾ ਰਣਜੀਤ ਸਿੰਘ ਦਾ ਬੁੱਤ ਤੋੜਿਆ ਜਾਂਦਾ ਹੈ, ਤਾਂ ਉਹ ਚੁੱਪ ਰਹਿੰਦੇ ਹਨ। ਇਹ ਦੋਗਲਾਪਣ ਹੈ।

ਅਸੀਂ ਭਾਵੁਕ ਹਾਂ, ਇਸ ਲਈ ਅਸੀਂ ਆਪਣੇ ਪੁਰਾਣੇ ਪਿੰਡਾਂ, ਆਪਣੇ ਪੁਰਾਤਨ ਗੁਰਧਾਮਾਂ ਨਾਲ ਪਿਆਰ ਕਰਦੇ ਹਾਂ। ਪਰ ਸੱਚਾਈ ਇਹ ਹੈ ਕਿ ਲਹਿੰਦਾ ਪੰਜਾਬ ਅੱਜ ਉਹ ਪੰਜਾਬ ਨਹੀਂ ਰਿਹਾ ਜਿਸ ਨੂੰ ਅਸੀਂ 1947 ਤੋਂ ਪਹਿਲਾਂ ਜਾਣਦੇ ਸਾਂ। ਉੱਥੇ ਦੀ ਸਰਕਾਰ, ਸਕੂਲਾਂ ਦੀਆਂ ਕਿਤਾਬਾਂ, ਮੀਡੀਆ ਅਤੇ ਧਾਰਮਿਕ ਨੇਤਾ ਸਾਰੇ ਇੱਕੋ ਗੱਲ ਸਿਖਾਉਂਦੇ ਹਨ, ਕਿ ਭਾਰਤ ਵੈਰੀ ਹੈ, ਹਿੰਦੂ-ਸਿੱਖ ਕਾਫ਼ਰ ਹਨ ਅਤੇ ਗ਼ਜ਼ਵਾ-ਏ-ਹਿੰਦ ਕਰਨਾ ਫ਼ਰਜ਼ ਹੈ। ਇਸ ਸੋਚ ਨੇ ਉੱਥੇ ਦੇ ਨੌਜਵਾਨਾਂ ਦੇ ਦਿਮਾਗ ਵਿੱਚ ਜਹਿਰ ਭਰ ਦਿੱਤਾ ਹੈ। ਇਸ ਲਈ ਜਦੋਂ ਵੀ ਮੌਕਾ ਮਿਲਦਾ ਹੈ, ਉਹ ਆਪਣੀ ਅਸਲ ਸੋਚ ਜ਼ਾਹਰ ਕਰ ਦਿੰਦੇ ਹਨ, ਭਾਵੇਂ ਉਹ ਬੁੱਤ ਤੋੜ ਕੇ ਹੋਵੇ, ਲੜਕੀਆਂ ਨੂੰ ਅਗਵਾ ਕਰ ਕੇ ਹੋਵੇ ਜਾਂ ਸੋਸ਼ਲ ਮੀਡੀਆ ਤੇ ਘਟੀਆ ਟਿੱਪਣੀਆਂ ਕਰ ਕੇ ਹੋਵੇ।

ਇਸ ਸਾਰੇ ਤਜਰਬੇ ਤੋਂ ਬਾਅਦ ਸਾਨੂੰ ਸਮਝ ਆਉਂਦੀ ਹੈ ਕਿ ਚੜ੍ਹਦੇ ਅਤੇ ਲਹਿੰਦੇ ਪੰਜਾਬ ਦਾ ਸੱਭਿਆਚਾਰ ਅੱਜ ਇੱਕ ਨਹੀਂ ਰਿਹਾ। ਬੋਲੀ, ਖਾਣ-ਪੀਣ, ਕੱਪੜੇ, ਗੀਤ ਤਾਂ ਅਜੇ ਵੀ ਮਿਲਦੇ-ਜੁਲਦੇ ਹਨ, ਪਰ ਮਾਨਸਿਕਤਾ, ਵਿਚਾਰਧਾਰਾ ਅਤੇ ਇਤਿਹਾਸ ਦੀ ਵਿਆਖਿਆ ਬਿਲਕੁਲ ਵੱਖਰੀ ਹੋ ਚੁੱਕੀ ਹੈ। ਜਿਸ ਦਿਨ ਲਹਿੰਦਾ ਪੰਜਾਬ ਮਹਾਰਾਜਾ ਰਣਜੀਤ ਸਿੰਘ, ਭਗਤ ਸਿੰਘ ਅਤੇ ਗੁਰੂ ਨਾਨਕ ਦੇਵ ਜੀ ਨੂੰ ਆਪਣਾ ਮਾਣ ਕਹਿਣ ਲੱਗ ਪਵੇਗਾ, ਜਿਸ ਦਿਨ ਉਹ ਘੱਟਗਿਣਤੀਆਂ ਨਾਲ ਬਰਾਬਰ ਦਾ ਵਿਹਾਰ ਕਰਨ ਲੱਗ ਪਵੇਗਾ, ਜਿਸ ਦਿਨ ਉਹ ਆਪਣੀਆਂ ਕਿਤਾਬਾਂ ਵਿੱਚੋਂ ਨਫ਼ਰਤ ਵਾਲੇ ਅਧਿਆਏ ਹਟਾਏਗਾ, ਉਸ ਦਿਨ ਫ਼ੇਰ ਸੱਚਮੁੱਚ ਸਾਡਾ ਉਹਨਾਂ ਨਾਲ ਭਾਈਚਾਰਾ ਬਣ ਸਕਦਾ ਹੈ। ਪਰ ਜਦੋਂ ਤੱਕ ਅਜਿਹਾ ਨਹੀਂ ਹੁੰਦਾ, ਉਦੋਂ ਤੱਕ ਇਹ "ਭਾਈ ਭਾਈ" ਵਾਲੀਆਂ ਗੱਲਾਂ ਸਿਰਫ਼ ਭਾਵੁਕਤਾ ਅਤੇ ਫੇਮ ਖੱਟਣ ਦਾ ਜਾਲ ਹਨ।

ਅਸੀਂ ਆਪਣੇ ਪੁਰਾਤਨ ਪੰਜਾਬ ਨਾਲ ਪਿਆਰ ਕਰਦੇ ਹਾਂ, ਉਸ ਦੀ ਯਾਦ ਨੂੰ ਸੰਭਾਲ ਕੇ ਰੱਖਦੇ ਹਾਂ, ਪਰ ਅਸੀਂ ਇਹ ਵੀ ਸਮਝਦੇ ਹਾਂ ਕਿ ਅੱਜ ਦਾ ਲਹਿੰਦਾ ਪੰਜਾਬ ਉਹ ਪੰਜਾਬ ਨਹੀਂ ਰਿਹਾ। ਇਸ ਲਈ ਆਪਣੇ ਦੇਸ਼ ਅਤੇ ਆਪਣੇ ਸੂਬੇ ਪ੍ਰਤੀ ਵਫ਼ਾਦਾਰ ਰਹਿਣਾ, ਆਪਣੇ ਇਤਿਹਾਸ ਦੀ ਰਾਖੀ ਕਰਨੀ ਅਤੇ ਆਪਣੀ ਨੌਜਵਾਨ ਪੀੜ੍ਹੀ ਨੂੰ ਸੱਚਾਈ ਦੱਸਣੀ, ਇਹ ਸਾਡੀ ਨੈਤਿਕ ਜ਼ਿੰਮੇਵਾਰੀ ਹੈ। ਸਾਂਝਾ ਪੰਜਾਬ ਸਾਡੇ ਦਿਲਾਂ ਵਿੱਚ ਹੈ, ਪਰ ਹਕੀਕਤ ਵਿੱਚ ਉਹ ਵੰਡਿਆ ਜਾ ਚੁੱਕਾ ਹੈ। ਅਸੀਂ ਉਸ ਸਾਂਝੇ ਪੰਜਾਬ ਦੀ ਯਾਦ ਨੂੰ ਜਿਉਂਦਾ ਰੱਖਾਂਗੇ, ਪਰ ਅੱਜ ਦੀ ਹਕੀਕਤ ਨੂੰ ਨਜ਼ਰਅੰਦਾਜ਼ ਨਹੀਂ ਕਰਾਂਗੇ।

SANJHI SOCH
ਸੰਦੀਪ ਕੁਮਾਰ
ਐਮਸੀਏ, ਐਮ.ਏ ਮਨੋਵਿਗਿਆਨ
7009807121
liberalthinker1621@gmail.com



Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


# PACIFIC ATLANTIC
## INSURANCE SERVICES INC.
AGENCY LIC# 6022536



ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ



ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ



ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ



ਕਾਰੋਬਾਰ ਦੀ ਇੰਸ਼ੋਰੈਂਸ



ਕਾਰ ਜਾਂ ਘਰ ਦੀ ਇੰਸ਼ੋਰੈਂਸ





ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ

ਸੰਪਰਕ ਕਰੋ

**Farhan Ali**
CLIENT RELATIONS MANAGER

**Jessie Ghangas**
BROKER AGENT CA LIC# 0171673

(916)800-9828

621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com

ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :

WE HAVE THE CHEAPEST FARES TO INDIA

# LEGEND TRAVEL




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US
(510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕਿ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੀਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

### 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਪੰਜਾਬ ਨੇ ਸਕੂਲ ਅਧਿਆਪਕਾਂ ਨੂੰ ਕਰੀਅਰ ਮੈਂਟਰ ਵਜੋਂ ਸਿਖਲਾਈ ਦੇਣ ਲਈ ਆਈ.ਆਈ.ਟੀ ਮਦਰਾਸ ਨਾਲ ਹੱਥ ਮਿਲਾਇਆ

ਓਮਾਹਾ
ਸਾਂਝੀ ਸੋਚ ਬਿਊਰੋ

ਆਈ.ਆਈ.ਟੀ ਮਦਰਾਸ ਪ੍ਰਵਰਤਕ ਨਾਲ ਭਾਈਵਾਲੀ ਕਰਕੇ ਸੂਬਾ ਪੱਧਰ ਉੱਤੇ ਕਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ ਕਰਨ ਵਾਲਾ ਪੰਜਾਬ ਦੇਸ਼ ਦਾ ਮੋਹਰੀ ਸੂਬਾ ਬਣ ਗਿਆ ਹੈ। ਇਸ ਪ੍ਰੋਗਰਾਮ ਤਹਿਤ ਹਰੇਕ ਅਧਿਆਪਕ ਨੂੰ ਇੱਕ ਟਰੇਂਡ ਕਰੀਅਰ ਮੈਂਟਰ ਬਣਾਉਣ ਲਈ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾਵੇਗਾ।

ਅੱਜ ਇੱਥੇ ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਅਹਿਮ ਪ੍ਰੋਗਰਾਮ ਤਹਿਤ 5,000 ਤੋਂ ਵੱਧ ਅਧਿਆਪਕਾਂ ਨੂੰ ਸਿਖਲਾਈ ਯਕੀਨੀ ਬਣਾਈ ਜਾਵੇਗੀ ਤਾਂ ਜੋ ਉਹ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ, ਕਰੀਅਰ ਬਾਰੇ ਵਿਕਲਪਾਂ ਸਬੰਧੀ ਸਟੀਕ ਜਾਣਕਾਰੀ ਦੇਣ ਅਤੇ ਕਰੀਅਰ ਦੀ ਚੋਣ ਬਾਰੇ ਮਾਰਗਦਰਸ਼ਨ ਕਰ ਸਕਣ।

ਬੈਂਸ ਨੇ ਕਿਹਾ ਕਿ ਇਹ ਪ੍ਰੋਗਰਾਮ ਅਧਿਆਪਕਾਂ ਨੂੰ ਬੁਨਿਆਦੀ ਕਰੀਅਰ ਕਾਊਂਸਲਿੰਗ, ਕਲਾਸਰੂਮ ਸੈਸ਼ਨਾਂ ਲਈ ਹੁਨਰ ਅਤੇ ਵਨ-ਟੂ-ਵਨ ਗਾਈਡੈਂਸ ਤਹਿਤ ਮੁਫ਼ਤ ਔਨਲਾਈਨ ਸਿਖਲਾਈ ਦਿੱਤੀ ਜਾਵੇਗੀ। ਇਸ ਪ੍ਰੋਗਰਾਮ ਤਹਿਤ ਅਧਿਆਪਕ ਟੌਪ 100 ਉੱਚ-ਮੰਗ ਵਾਲੇ ਕਰੀਅਰਾਂ, ਢਾਂਚਾਗਤ ਮੁਲਾਂਕਣ ਸਾਧਨਾਂ ਅਤੇ ਕੌਮੀ ਅਤੇ ਆਲਮੀ ਪੱਧਰ 'ਤੇ ਉੱਭਰ ਰਹੇ ਕਰੀਅਰ ਰੁਝਾਨਾਂ ਬਾਰੇ ਜਾਣਕਾਰੀ ਪ੍ਰਾਪਤ ਕਰਨਗੇ। ਆਈ.ਆਈ.ਟੀ. ਮਦਰਾਸ ਪ੍ਰਵਰਤਕ ਨਿਰੰਤਰ ਅਕਾਦਮਿਕ



ਸਹਾਇਤਾ ਅਤੇ ਡਿਜੀਟਲ ਸਰੋਤ ਪ੍ਰਦਾਨ ਕਰੇਗਾ। ਬੈਂਸ ਨੇ ਕਿਹਾ ਕਿ ਇਸ ਸਾਂਝੇਦਾਰੀ ਰਾਹੀਂ ਸਾਡਾ ਟੀਚਾ ਅਧਿਆਪਕਾਂ ਨੂੰ ਆਪਣੇ ਸਕੂਲਾਂ ਵਿੱਚ ਪ੍ਰਭਾਵਸ਼ਾਲੀ ਕਰੀਅਰ ਸਲਾਹਕਾਰ ਵਜੋਂ ਸੇਵਾ ਨਿਭਾਉਣ ਦੇ ਯੋਗ ਬਣਾ ਕੇ ਇੱਕ ਸਾਰਥਕ ਤੇ ਉਸਾਰੂ ਪ੍ਰਭਾਵ ਪਾਉਣਾ ਹੈ। ਇਸ ਸ਼ਮੂਲੀਅਤ ਰਾਹੀਂ ਅਧਿਆਪਕ ਇੱਕ ਢਾਂਚਾਗਤ ਕਰੀਅਰ ਮਾਰਗਦਰਸ਼ਨ ਵਾਤਾਵਰਣ ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਸਰਕਾਰ ਅਧਿਆਪਕਾਂ ਲਈ ਰਾਜ-ਪੱਧਰੀ ਕਰੀਅਰ ਕਾਊਂਸਲਿੰਗ ਗਾਈਡੈਂਸ ਪ੍ਰੋਗਰਾਮ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਿਖਲਾਈ ਪ੍ਰਾਪਤ ਕਰਨ ਤੋਂ ਬਾਅਦ ਇਹ ਸਾਰੇ ਅਧਿਆਪਕ, ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਮਰੱਥਾ ਦੀ ਪਛਾਣ ਕਰਨ, ਨਵੇਂ ਯੁੱਗ ਦੇ ਪੇਸ਼ਿਆਂ ਦੀ ਪੜਚੋਲ ਕਰਨ ਅਤੇ ਸਬੂਤ ਅਤੇ ਯੋਗਤਾ 'ਤੇ ਆਧਾਰਿਤ ਰਸਤੇ ਚੁਣਨ ਵਿੱਚ ਮਦਦ ਕਰਨ ਲਈ ਸਮਰੱਥ ਹੋ ਜਾਣਗੇ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਰਾਹੀਂ ਪੇਂਡੂ ਅਤੇ ਪਛੜੇ ਖੇਤਰਾਂ ਦੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਲਾਭ ਹੋਣ ਦੀ ਆਸ ਹੈ, ਜਿਸ ਨਾਲ ਉਨ੍ਹਾਂ ਨੂੰ ਉੱਚ-ਗੁਣਵੱਤਾ ਵਾਲੀ ਗਾਈਡੈਂਸ ਤੱਕ ਆਸਾਨ ਪਹੁੰਚ ਮਿਲੇਗੀ, ਜੋ ਪਹਿਲਾਂ ਪ੍ਰਾਈਵੇਟ ਕਾਊਂਸਲਰਾਂ ਤੱਕ ਸੀਮਿਤ ਸੀ। ਅਗਲੇ ਕੁਝ ਮਹੀਨਿਆਂ ਵਿੱਚ, ਹਜ਼ਾਰਾਂ ਅਧਿਆਪਕ ਨਵੇਂ ਹੁਨਰ, ਨਵੇਂ ਵਿਸ਼ਵਾਸ ਅਤੇ ਲੱਖਾਂ ਬੱਚਿਆਂ ਦੇ ਭਵਿੱਖ ਨੂੰ ਆਕਾਰ ਦੇਣ ਦੀ ਨਵੀਂ ਯੋਗਤਾ ਪ੍ਰਾਪਤ ਕਰਨਗੇ। ਬੋਰਡ ਨਾਲ ਸਾਂਝੇਦਾਰੀ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਆਈ.ਆਈ.ਟੀ. ਮਦਰਾਸ ਪ੍ਰਵਰਤਕ ਦੇ ਚੀਫ ਨਾਲੇਜ ਅਫਸਰ ਸ੍ਰੀਕਾਂਤ ਨੇ ਕਿਹਾ, ਸਾਡਾ ਉਦੇਸ਼ ਸਿੱਧਾ ਤੇ ਸਪੱਸ਼ਟ ਹੈ ਕਿ ਪੰਜਾਬ ਵਿੱਚ ਕੋਈ ਵੀ ਬੱਚਾ ਕਿਸੇ ਉਲਝਣ ਜਾਂ ਬਿਨਾਂ ਮੁਕੰਮਲ ਜਾਣਕਾਰੀ ਤੋਂ ਕਰੀਅਰ ਦੀ ਚੋਣ ਨਾ ਕਰੇ।

# ਸੰਵੇਦਨਸ਼ੀਲ ਮੁੱਦਿਆਂ 'ਤੇ ਪੰਜਾਬੀਆਂ ਦੇ ਸਬਰ ਦੀ ਪ੍ਰੀਖਿਆ ਲੈ ਰਿਹਾ ਕੇਂਦਰ

## ਮੀਤ ਹੇਅਰ ਨੇ ਚੰਡੀਗੜ੍ਹ ਨੂੰ ਪੂਰੀ ਤਰ੍ਹਾਂ ਪੰਜਾਬ ਨੂੰ ਤਬਦੀਲ ਕਰਨ ਦੀ ਮੰਗ ਕੀਤੀ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਸੰਸਦ ਦੇ ਸੈਸ਼ਨ ਤੋਂ ਬਾਅਦ ਇੱਕ ਸਖ਼ਤ ਬਿਆਨ ਜਾਰੀ ਕਰਦਿਆਂ ਚੇਤਾਵਨੀ ਦਿੱਤੀ ਕਿ ਕੇਂਦਰ ਸਰਕਾਰ ਪੰਜਾਬ ਦੇ ਸਭ ਤੋਂ ਸੰਵੇਦਨਸ਼ੀਲ ਮੁੱਦਿਆਂ, ਜਿਵੇਂ ਕਿ ਚੰਡੀਗੜ੍ਹ ਦੀ ਸਥਿਤੀ, ਪੰਜਾਬ ਯੂਨੀਵਰਸਿਟੀ ਦਾ ਕੇਂਦਰੀਕਰਨ, ਯੂਨੀਵਰਸਿਟੀ ਦੀ ਸੈਨੇਟ ਨੂੰ ਖ਼ਤਮ ਕਰਨਾ ਅਤੇ ਚੰਡੀਗੜ੍ਹ ਨੂੰ ਲੈਫਟੀਨੈਂਟ ਗਵਰਨਰ ਦੁਆਰਾ ਸ਼ਾਸਨ ਵਾਲਾ ਕੇਂਦਰ ਸ਼ਾਸਿਤ ਪ੍ਰਦੇਸ਼ ਬਣਾਉਣ ਦੇ ਪ੍ਰਸਤਾਵਾਂ ਨੂੰ ਉਠਾ ਕੇ ਵਾਰ-ਵਾਰ "ਪੰਜਾਬੀਆਂ ਦੇ ਸਬਰ ਦੀ ਪ੍ਰੀਖਿਆ" ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਦੀ ਬਜਾਏ, ਕੇਂਦਰ ਨੂੰ ਲੰਬੇ ਸਮੇਂ ਤੋਂ ਕੀਤੀ ਗਈ ਕੌਮੀ ਵਚਨਬੱਧਤਾ ਨੂੰ ਪੂਰਾ ਕਰਨਾ ਚਾਹੀਦਾ ਹੈ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਵਜੋਂ ਬਣਾਇਆ ਗਿਆ ਸੀ ਅਤੇ ਇਸ ਨੂੰ ਪੂਰੀ ਤਰ੍ਹਾਂ ਪੰਜਾਬ ਦੇ ਹਵਾਲੇ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੂਰੇ ਦੇਸ਼ ਵਿੱਚ ਇੱਕੋ ਇੱਕ ਅਜਿਹਾ ਰਾਜ ਹੈ ਜਿਸ ਦੀ ਆਪਣੀ ਕੋਈ ਰਾਜਧਾਨੀ ਨਹੀਂ ਹੈ। ਇਹ ਉਸ ਰਾਜ ਨਾਲ ਵੱਡਾ ਅਨਿਆਂ ਹੈ ਜਿਸ ਨੇ ਭਾਰਤ ਲਈ ਸਭ ਤੋਂ ਵੱਡੀਆਂ ਕੁਰਬਾਨੀਆਂ ਦਿੱਤੀਆਂ ਅਤੇ ਕੌਮੀ ਅਨਾਜ ਸੁਰੱਖਿਆ ਨੂੰ ਯਕੀਨੀ ਬਣਾਇਆ। ਇਸ ਲਈ ਭਾਰਤ ਸਰਕਾਰ ਨੂੰ ਆਪਣਾ ਵਾਅਦਾ ਪੂਰਾ ਕਰਨਾ ਚਾਹੀਦਾ ਹੈ। ਮੀਤ ਹੇਅਰ ਨੇ ਯਾਦ ਕਰਵਾਇਆ ਕਿ ਅੱਜ ਵੀ ਪੰਜਾਬ ਦੇ ਰਾਜਪਾਲ ਚੰਡੀਗੜ੍ਹ ਦੇ ਪ੍ਰਸ਼ਾਸਕ ਵਜੋਂ ਸੇਵਾ ਨਿਭਾਉਂਦੇ ਹਨ, ਅਤੇ ਜ਼ਿਆਦਾਤਰ ਮੁੱਖ ਪ੍ਰਸ਼ਾਸਨਿਕ ਅਧਿਕਾਰੀ ਪੰਜਾਬ ਤੋਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ, "ਇਸ ਸਭ ਦੇ ਬਾਵਜੂਦ, ਕੇਂਦਰ ਚੰਡੀਗੜ੍ਹ ਨੂੰ ਪੰਜਾਬ ਤੋਂ ਹੋਰ ਦੂਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਅਸੀਂ ਇਸ ਦਾ ਸਖ਼ਤ ਵਿਰੋਧ ਕਰਦੇ ਹਾਂ। ਅਕਾਲੀ ਨੇਤਾ ਹਰਸਿਮਰਤ ਕੌਰ ਬਾਦਲ ਵੱਲੋਂ ਦਿੱਤੇ ਗਏ ਬਿਆਨਾਂ ਬਾਰੇ ਮੀਡੀਆ ਦੇ ਸਵਾਲ ਦਾ ਜਵਾਬ ਦਿੰਦਿਆਂ ਮੀਤ ਹੇਅਰ ਨੇ ਕਿਹਾ ਕਿ ਪੰਜਾਬ ਵਿੱਚ ਹਰ ਵਿਅਕਤੀ ਜਾਣਦਾ ਹੈ ਕਿ ਕਿਸ ਸਰਕਾਰ ਦੇ ਦੌਰਾਨ 'ਚਿੱਟਾ'



ਵਰਗੀਆਂ ਸਿੰਥੈਟਿਕ ਨਸ਼ੀਲੀਆਂ ਦਵਾਈਆਂ ਫੈਲੀਆਂ ਅਤੇ ਕਿਨ੍ਹਾਂ ਦੇ ਸਾਥੀਆਂ ਦੇ ਨਾਂ ਨਸ਼ਾ ਜਾਂਚਾਂ ਵਿੱਚ ਵਾਰ-ਵਾਰ ਸਾਹਮਣੇ ਆਏ।

ਉਨ੍ਹਾਂ ਹਰਸਿਮਰਤ ਕੌਰ ਬਾਦਲ ਦੇ ਉਸ ਹੈਰਾਨੀਜਨਕ ਬਿਆਨ ਦੀ ਨਿੰਦਾ ਕੀਤੀ ਜਿਸ ਵਿੱਚ ਉਨ੍ਹਾਂ ਨੇ ਪੰਜਾਬ ਦੇ ਅੰਦਰ ਬੀਐਸਐਫ (ਬੀਐਸਐਫ) ਦੇ ਜ਼ਿਆਦਾ ਕੇਂਦਰੀ ਕੰਟਰੋਲ ਦਾ ਸਮਰਥਨ ਕੀਤਾ ਸੀ। ਉਨ੍ਹਾਂ ਕਿਹਾ ਕਿ ਦਹਾਕਿਆਂ ਤੋਂ, ਸਾਰੀਆਂ ਪਾਰਟੀਆਂ ਦੇ ਪੰਜਾਬੀ ਸੰਸਦ ਮੈਂਬਰਾਂ ਨੇ ਰਾਜ ਦੇ ਸੰਘੀ ਅਧਿਕਾਰਾਂ ਲਈ ਲੜਾਈ ਲੜੀ। ਇੱਥੋਂ ਤੱਕ ਕਿ ਅਕਾਲੀ ਦਲ ਨੇ ਵੀ ਕਦੇ ਰਾਜਾਂ ਨੂੰ ਹੋਰ ਸ਼ਕਤੀਆਂ ਦੇਣ ਦੀ ਵਕਾਲਤ ਕੀਤੀ ਸੀ। ਪਰ ਅੱਜ, ਭਾਜਪਾ ਦੇ ਹੁਕਮ 'ਤੇ, ਬਾਦਲ ਬੀਐਸਐਫ ਰਾਹੀਂ ਪੰਜਾਬ ਦਾ ਕੰਟਰੋਲ ਕੇਂਦਰ ਨੂੰ ਸੌਂਪਣ ਲਈ ਤਿਆਰ ਹਨ। ਉਨ੍ਹਾਂ ਅੱਗੇ ਕਿਹਾ ਕਿ ਜਿਹੜੇ ਪਹਿਲਾਂ ਪੰਜਾਬ ਦੀ ਰਾਖੀ ਨਹੀਂ ਕਰ ਸਕੇ, ਉਹ ਹੁਣ ਪੰਜਾਬ ਦਾ ਅਧਿਕਾਰ ਕੇਂਦਰ ਨੂੰ ਦੇਣਾ ਚਾਹੁੰਦੇ ਹਨ। ਉਨ੍ਹਾਂ ਨੇ ਭਾਜਪਾ ਨਾਲ ਕੀ ਸੌਦਾ ਕੀਤਾ ਹੈ? ਪੰਜਾਬੀਆਂ ਨੂੰ ਜਾਣਨ ਦਾ ਹੱਕ ਹੈ। ਮੀਤ ਹੇਅਰ ਨੇ ਸਪੱਸ਼ਟ ਕੀਤਾ ਕਿ ਪੰਜਾਬ ਪੁਲਿਸ ਪੰਜਾਬ ਦੇ ਅੰਦਰ ਕੰਮ ਕਰਨ ਵਾਲੇ ਕਿਸੇ ਵੀ ਅਪਰਾਧੀ ਜਾਂ ਗੜਬੜ ਕਰਨ ਵਾਲੇ ਅਨਸਰਾਂ ਵਿਰੁੱਧ ਤੁਰੰਤ ਅਤੇ ਨਿਡਰ ਹੋ ਕੇ ਕਾਰਵਾਈ ਕਰਦੀ ਹੈ। ਉਨ੍ਹਾਂ ਕਿਹਾ, "ਜੇ ਕੋਈ ਪੰਜਾਬ ਦੀ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਉਸ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪੈਂਦਾ ਹੈ। ਕਾਨੂੰਨ ਅਨੁਸਾਰ ਅਜਿਹੇ ਕਈ ਅਨਸਰਾਂ ਦਾ ਖਾਤਮਾ ਕੀਤਾ ਗਿਆ ਹੈ। ਦੂਜੇ ਰਾਜਾਂ ਤੋਂ, ਪੰਜਾਬ ਤੋਂ ਬਾਹਰਲੀਆਂ ਜੇਲ੍ਹਾਂ ਤੋਂ, ਜਾਂ ਵਿਦੇਸ਼ਾਂ ਤੋਂ ਕੰਮ ਕਰਨ ਵਾਲੇ ਅਪਰਾਧੀਆਂ ਬਾਰੇ, ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਨੂੰ ਪੂਰੀ ਤਰ੍ਹਾਂ ਰੋਕਣ ਲਈ ਕੇਂਦਰੀ ਏਜੰਸੀਆਂ ਨਾਲ ਲਗਾਤਾਰ ਤਾਲਮੇਲ ਵਿੱਚ ਹੈ। ਉਨ੍ਹਾਂ ਕਿਹਾ, "ਉਹ ਜਿੱਥੇ ਵੀ ਲੁਕੇ ਹੋਏ ਹਨ, ਪੰਜਾਬ ਤੋਂ ਬਾਹਰ ਜਾਂ ਭਾਰਤ ਤੋਂ ਬਾਹਰ, ਅਸੀਂ ਉਨ੍ਹਾਂ ਦੇ ਨੈੱਟਵਰਕ ਨੂੰ ਖ਼ਤਮ ਕਰਨ ਲਈ ਹਰ ਤਰੀਕੇ ਦੀ ਵਰਤੋਂ ਕਰ ਰਹੇ ਹਾਂ। ਇੱਕ ਹੋਰ ਮੀਡੀਆ ਸਵਾਲ 'ਤੇ, ਮੀਤ ਹੇਅਰ ਨੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਬਾਰੇ ਸ਼ਿਕਾਇਤ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਸਪੱਸ਼ਟ ਤੌਰ 'ਤੇ ਯਾਦ ਹੈ ਕਿ ਅਕਾਲੀ ਰਾਜ ਦੌਰਾਨ, ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰਕੇ ਜ਼ਿਲ੍ਹਾ ਪ੍ਰੀਸ਼ਦ ਅਤੇ ਸਥਾਨਕ ਸਰਕਾਰਾਂ ਦੀਆਂ ਚੋਣਾਂ 'ਤੇ ਕਿਵੇਂ ਕਬਜ਼ਾ ਕੀਤਾ ਗਿਆ ਸੀ, ਜਿਸ ਵਿੱਚ ਪੂਰੇ ਜ਼ਿਲ੍ਹਿਆਂ ਵਿੱਚ ਵਿਰੋਧੀ ਪਾਰਟੀਆਂ ਦੇ ਜ਼ੀਰੋ ਨਾਮਜ਼ਦਗੀਆਂ ਦਿਖਾਈਆਂ ਗਈਆਂ ਸਨ। ਉਨ੍ਹਾਂ ਕਿਹਾ, "ਕੀ ਇਹ ਸੰਭਵ ਹੈ ਕਿ ਪੂਰੇ ਜ਼ਿਲ੍ਹਿਆਂ ਵਿੱਚ ਇੱਕ ਵੀ ਉਮੀਦਵਾਰ ਸਾਹਮਣੇ ਨਾ ਆਵੇ? ਉਹ ਅਕਾਲੀ ਯੁੱਗ ਸੀ।" ਮੀਤ ਹੇਅਰ ਨੇ ਕਿਹਾ ਕਿ ਅੱਜ ਸਥਿਤੀ ਉਲਟ ਹੈ। ਅਕਾਲੀ ਦਲ ਨੂੰ ਉਮੀਦਵਾਰ ਨਹੀਂ ਮਿਲ ਰਹੇ, ਪਿੰਡਾਂ ਦੇ ਲੋਕ ਉਨ੍ਹਾਂ ਦੀ ਟਿਕਟ 'ਤੇ ਖੜ੍ਹੇ ਹੋਣ ਤੋਂ ਇਨਕਾਰ ਕਰ ਰਹੇ ਹਨ ਕਿਉਂਕਿ ਲੋਕ ਗੁੱਸੇ ਵਿੱਚ ਹਨ ਅਤੇ ਉਨ੍ਹਾਂ ਦਾ ਨਿਰਾਦਰ ਕਰਦੇ ਹਨ। ਸਾਡੇ ਉਮੀਦਵਾਰ ਨਾਮਜ਼ਦਗੀ ਭਰਦੇ ਹਨ, ਪਰ ਅਕਾਲੀ ਇੱਕ ਵਿਅਕਤੀ ਨੂੰ ਵੀ ਖੜ੍ਹਾ ਕਰਨ ਲਈ ਮਨਾਉਣ ਲਈ ਸੰਘਰਸ਼ ਕਰ ਰਹੇ ਹਨ। ਇਹੀ ਉਨ੍ਹਾਂ ਦੇ ਰੌਲੇ ਪਾਉਣ ਦਾ ਅਸਲ ਕਾਰਨ ਹੈ।

# ਮੋਦੀ ਨੇ ਰੂਸੀ ਫੌਜ ਵਿੱਚ ਸੇਵਾ ਨਿਭਾ ਰਹੇ ਭਾਰਤੀਆਂ ਦਾ ਮੁੱਦਾ ਪੁਤਿਨ ਕੋਲ ਚੁੱਕਿਆ: ਉਨ੍ਹਾਂ ਦੀ ਸੁਰੱਖਿਅਤ ਵਾਪਸੀ ਦੀ ਕੀਤੀ ਮੰਗ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਪ੍ਰਧਾਨ ਮੰਤਰੀ ਮੋਦੀ ਨੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਆਪਣੀ ਮੁਲਾਕਾਤ ਦੌਰਾਨ ਰੂਸੀ ਫੌਜ ਵਿੱਚ ਸੇਵਾ ਨਿਭਾ ਰਹੇ ਭਾਰਤੀਆਂ ਦਾ ਮੁੱਦਾ ਉਠਾਇਆ।

ਉਨ੍ਹਾਂ ਪੁਤਿਨ ਕੋਲ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਵਿਦੇਸ਼ ਮੰਤਰਾਲੇ ਦੇ ਅਨੁਸਾਰ, ਰੂਸੀ ਫੌਜ ਵਿੱਚ ਘੱਟੋ-ਘੱਟ 44 ਭਾਰਤੀ ਫਸੇ ਹੋਏ ਹਨ।

ਭਾਰਤ ਦੇ ਦੌਰੇ 'ਤੇ ਆਏ ਪੁਤਿਨ ਅਤੇ ਮੋਦੀ ਲਗਭਗ 24 ਘੰਟਿਆਂ ਵਿੱਚ ਤਿੰਨ ਵਾਰ ਮਿਲੇ। ਦੋਵਾਂ ਨੇਤਾਵਾਂ ਨੇ ਇਕੱਠੇ ਇੱਕ ਨਿੱਜੀ ਡਿਨਰ, ਇੱਕ ਦੁਵੱਲੀ ਮੀਟਿੰਗ, ਇੱਕ ਸਾਂਝੀ ਪ੍ਰੈਸ ਕਾਨਫਰੰਸ ਕੀਤੀ ਅਤੇ ਭਾਰਤ-ਰੂਸ ਵਪਾਰ ਫੋਰਮ ਨੂੰ ਸੰਬੋਧਨ ਕੀਤਾ। ਹਾਲਾਂਕਿ, ਇਸ ਸਮੇਂ ਦੌਰਾਨ ਦੋਵਾਂ ਦੇਸ਼ਾਂ ਵਿਚਕਾਰ ਕਿਸੇ ਵੱਡੇ ਰੱਖਿਆ ਸੌਦੇ ਦਾ ਐਲਾਨ ਨਹੀਂ ਕੀਤਾ ਗਿਆ। ਪਿਛਲੀਆਂ ਰਿਪੋਰਟਾਂ ਵਿੱਚ ਭਾਰਤ ਅਤੇ ਰੂਸ ਵਿਚਕਾਰ ਲੜਾਕੂ ਜਹਾਜ਼ ਸੌਦਾ ਜਾਂ ਇੱਕ ਵੱਡਾ ਰੱਖਿਆ ਸੌਦਾ ਸੁਝਾਇਆ ਗਿਆ ਸੀ।

ਭਾਰਤ ਅਤੇ ਰੂਸ ਵਿਚਕਾਰ 19 ਸਮਝੌਤਿਆਂ 'ਤੇ ਦਸਤਖਤ ਕੀਤੇ ਗਏ ਹਨ। ਇਨ੍ਹਾਂ ਦਾ ਉਦੇਸ਼ ਭਾਰਤ-ਰੂਸ ਵਪਾਰ ਨੂੰ ਵਧਾਉਣਾ ਹੈ। ਭਾਰਤ ਅਤੇ ਰੂਸ ਵਿਚਕਾਰ ਜਹਾਜ਼ ਨਿਰਮਾਣ, ਧਰੁਵੀ ਸਮੁੰਦਰਾਂ ਵਿੱਚ ਭਾਰਤੀ ਮਲਾਹਾਂ ਨੂੰ ਸਮੁੰਦਰੀ ਸਫ਼ਰ ਕਰਨ ਦੀ ਸਿਖਲਾਈ, ਨਵੀਆਂ ਸ਼ਿਪਿੰਗ ਲੇਨਾਂ ਵਿੱਚ ਨਿਵੇਸ਼, ਸਿਵਲ ਪ੍ਰਮਾਣੂ ਊਰਜਾ ਅਤੇ ਮਹੱਤਵਪੂਰਨ ਖਣਿਜਾਂ ਬਾਰੇ ਸਮਝੌਤੇ ਅਤੇ ਸਹਿਮਤੀ ਪੱਤਰਾਂ 'ਤੇ ਹਸਤਾਖਰ ਕੀਤੇ ਗਏ।



ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS


hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK

**1003 Moffat Blvd,
Manteca CA 95336**

# 209-239-1551

Chevron

# TRUCK STOP

OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

**PREETI PANNU**
**(541) 369-2801**
FAX (541) 369-3810

33180 HWY 228 HALSEY, OR 97348

# "ਸਲਾਖ਼ਾਂ ਪਿੱਛੇ ਜ਼ਿੰਦਗੀਆਂ ਦਾ ਸਸ਼ਕਤੀਕਰਨ" ਤਹਿਤ ਜੇਲ੍ਹਾਂ ਵਿੱਚ 11 ਆਈ.ਟੀ.ਆਈਜ਼ ਸਥਾਪਤ ਕੀਤੀ ਜਾਣਗੀਆਂ: ਜ਼ੇਲ੍ਹ ਨਿਆਂ ਵਿੱਚ ਕ੍ਰਾਂਤੀਕਾਰੀ ਬਦਲਾਅ ਦੀ ਪਹਿਲ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਰਾਜ ਭਰ ਦੀਆਂ ਜੇਲਾਂ ਵਿੱਚ ਕਿੱਤਾ ਮੁਖੀ ਪਹਿਲ ਕਦਮੀਆਂ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਜੇਲ੍ਹ ਵਿਭਾਗ ਪੰਜਾਬ ਅਤੇ ਟੈਕਨੀਕਲ ਐਜੂਕੇਸ਼ਨ ਅਤੇ ਇੰਡਸਟਰੀਅਲ ਟ੍ਰੇਨਿੰਗ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਇੱਕ ਵਿਸੇਸ਼ ਪ੍ਰੋਗਰਾਮ "ਸਲਾਖ਼ਾਂ ਪਿੱਛੇ ਜ਼ਿੰਦਗੀਆਂ ਦਾ ਸਸ਼ਕਤੀਕਰਨ" : ਜ਼ੇਲ੍ਹ ਨਿਆਂ ਵਿੱਚ ਕ੍ਰਾਂਤੀਕਾਰੀ ਬਦਲਾਅ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਜਿਸ ਦਾ ਉਦਘਾਟਨ ਭਾਰਤ ਦੇ ਮਾਨਯੋਗ ਚੀਫ ਜਸਟਿਸ, ਸ੍ਰੀ ਨਿਆਂਮੂਰਤੀ ਸੂਰਿਆ ਕਾਂਤ ਜੀ ਦੁਆਰਾ ਮਿਤੀ 6 ਦਸੰਬਰ 2025 ਨੂੰ ਸੈਂਟਰਲ ਜੇਲ੍ਹ, ਪਟਿਆਲਾ ਵਿਖੇ ਵੀਡੀਓ ਕਾਨਫਰੰਸ ਰਾਹੀਂ ਮਾਨਯੋਗ ਸੁਪਰੀਮ ਕੋਰਟ, ਹਾਈ ਕੋਰਟ ਦੇ ਜੱਜਾਂ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕੀਤਾ ਜਾਵੇਗਾ।

ਇਹ ਪਹਿਲ ਪੰਜਾਬ ਦੀਆਂ ਜੇਲ੍ਹਾਂ ਨੂੰ ਸਿੱਖਿਆ ਅਤੇ ਪੁਨਰਵਾਸ ਕੇਂਦਰਾਂ ਵਿੱਚ ਤਬਦੀਲ ਕਰਨ ਦਾ ਇੱਕ ਅਨੋਖਾ ਉਪਰਾਲਾ ਹੈ, ਜਿਸ ਤਹਿਤ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਦੇ ਸਹਿਯੋਗ ਨਾਲ ਸੂਬੇ ਦੀਆਂ ਸਮੂਹ 24 ਜੇਲ੍ਹਾਂ ਵਿੱਚ ਲਗਭਗ 2,500 ਕੈਦੀਆਂ ਨੂੰ ਰਾਸ਼ਟਰੀ ਪੱਧਰ ਦੀ ਪ੍ਰਮਾਣਿਤ ਵੋਕੇਸ਼ਨਲ ਟ੍ਰੇਨਿੰਗ ਦਿੱਤੀ ਜਾਵੇਗੀ। ਇਸ ਪਹਿਲਕਦਮੀ ਦਾ ਮੁੱਖ ਮੰਤਵ ਜੇਲ੍ਹਾਂ ਦੇ ਅੰਦਰ ਕੁੱਲ 11 ਆਈ.ਟੀ.ਆਈ. ਦੀ ਸਥਾਪਨਾ, ਵੈਲਡਿੰਗ, ਇਲੈਕਟ੍ਰੀਸ਼ਨ, ਪਲੰਬਿੰਗ, ਸਿਲਾਈ ਟੈਕਨਾਲੋਜੀ, ਕੋਸਮੈਟੋਲੋਜੀ, ਸੀਉਪੀਏ ਅਤੇ ਬੇਕਰੀ ਵਰਗੀਆਂ ਟ੍ਰੇਡਾਂ ਵਿੱਚ ਐਨਸੀਵੀਟੀ ਮਾਨਤਾ ਪ੍ਰਾਪਤ ਲੰਬੇ ਸਮੇਂ ਦੇ ਕੋਰਸ ਕਰਵਾਉਣੇ, ਟੇਲਰਿੰਗ, ਜੂਟ ਅਤੇ ਬੈਗ ਬਣਾਉਣਾ, ਬੇਕਰੀ, ਪਲੰਬਿੰਗ, ਮਸ਼ਰੂਮ ਕਾਸ਼ਤ, ਕੰਪਿਊਟਰ ਅਤੇ ਹੋਰ ਹੁਨਰਾਂ ਵਿੱਚ ਐਨ ਐਸ ਕਿਉ ਐਫ-ਅਨੁਕੂਲ ਛੋਟੇ ਸਮੇਂ ਦੇ ਕੋਰਸ ਆਦਿ ਸ਼ਾਮਿਲ ਹਨ। ਇਸ ਮੌਕੇ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਇੱਕ ਮਹੀਨੇ ਦਾ ਰਾਜ ਪੱਧਰੀ ਨਸ਼ਾ ਵਿਰੋਧੀ ਮੁਹਿੰਮ ਦਾ ਵੀ ਰਸਮੀ ਤੌਰ ਤੇ ਭਾਰਤ ਦੇ ਮਾਨਯੋਗ ਚੀਫ਼ ਜਸਟਿਸ ਵੱਲੋਂ ਉਦਘਾਟਨ ਕੀਤਾ ਜਾਵੇਗਾ। ਇਹ ਰਾਜ ਪੱਧਰੀ ਮੁਹਿੰਮ 6 ਦਸੰਬਰ 2025 ਤੋਂ 6 ਜਨਵਰੀ 2026 ਤੱਕ ਰਾਜ ਭਰ ਵਿੱਚ ਚੱਲੇਗੀ। ਜਿਸ ਦੌਰਾਨ ਜਨਤਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਸਬੰਧੀ ਜਾਗਰੂਕਤਾ ਕੈਂਪ, ਕਾਨੂੰਨੀ ਜਾਗਰੂਕਤਾ ਅਤੇ ਪੁਨਰਵਾਸ ਬਾਰੇ ਆਮ ਜਨਤਾ ਨੂੰ ਜਾਗਰੂਕ ਕੀਤਾ ਜਾਵੇਗਾ।

ਇਸ ਮੁਹਿੰਮ ਦੌਰਾਨ ਰਾਜ ਭਰ ਵਿੱਚ ਕਾਨੂੰਨੀ ਜਾਗਰੂਕਤਾ ਮਾਰਚ, ਨੁੱਕੜ-ਨਾਟਕ, ਸਾਇਕਲ ਰੈਲੀਆਂ, ਜਨ-ਮਾਰਚ, ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ਿਆਂ ਵਿਰੁੱਧ ਡਿਬੇਟਸ, ਪੇਟਿੰਗ/ਪੋਸਟਰ ਮੁਕਾਬਲਿਆਂ ਦਾ ਆਯੋਜਨ ਕੀਤਾ ਜਾਵੇਗਾ ਤਾਂ ਜੋ ਘਰ-ਘਰ ਵਿੱਚ ਇਸ ਮੁਹਿੰਮ ਦਾ ਹੋਕਾ ਦਿੱਤਾ ਜਾ ਸਕੇ। ਇਸ ਮੁਹਿੰਮ ਵਿੱਚ ਰਾਜ ਭਰ ਦੇ ਜੁਡੀਸ਼ੀਅਲ ਅਧਿਕਾਰੀ, ਡਾਕਟਰ, ਵਕੀਲ, ਅਧਿਆਪਕ, ਵਿਦਿਆਰਥੀ, ਪੀ.ਐਲ.ਵੀ. ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਉਚੇਚੇ ਤੌਰ ਤੇ ਸ਼ਾਮਿਲ ਕੀਤਾ ਜਾਵੇਗਾ।

# 'ਯੁੱਧ ਨਸ਼ਿਆਂ ਵਿਰੁੱਧ': 279ਵੇਂ ਦਿਨ ਪੰਜਾਬ ਪੁਲਿਸ ਨੇ 79 ਨਸ਼ਾ ਤਸਕਰਾਂ ਨੂੰ 1.2 ਕਿਲੋਗ੍ਰਾਮ ਹੈਰੋਇਨ ਸਮੇਤ ਕੀਤਾ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਗਈ ਨਸ਼ਿਆਂ ਵਿਰੋਧੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਲਗਾਤਾਰ 279ਵੇਂ ਦਿਨ ਪੰਜਾਬ ਪੁਲਿਸ ਨੇ ਸ਼ੁੱਕਰਵਾਰ ਨੂੰ 284 ਥਾਵਾਂ 'ਤੇ ਛਾਪੇਮਾਰੀ ਕੀਤੀ ਜਿਸ ਦੇ ਨਤੀਜੇ ਵਜੋਂ ਸੂਬੇ ਭਰ ਵਿੱਚ 79 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਉਪਰੰਤ 69 ਐਫਆਈਆਰਜ਼ ਦਰਜ ਕੀਤੀਆਂ ਗਈਆਂ । ਇਸ ਦੇ ਨਾਲ, 279 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 39,254 ਹੋ ਗਈ ਹੈ।

ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 1.2 ਕਿਲੋ ਹੈਰੋਇਨ, 2 ਕਿਲੋ ਗਾਂਜਾ, 519 ਨਸ਼ੀਲੀਆਂ ਗੋਲੀਆਂ ਅਤੇ 18,300 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ।

ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ-ਕਮੇਟੀ ਦਾ ਗਠਨ ਵੀ ਕੀਤਾ ਹੈ। 66 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 900 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 284 ਥਾਵਾਂ ਤੇ ਛਾਪੇਮਾਰੀਆਂ ਕੀਤੀਆਂ । ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 301 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ਹੈ।

ਸੂਬਾ ਸਰਕਾਰ ਨੇ ਰਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਐਂਡ ਪ੍ਰੀਵੈਨਸ਼ਨ ਲਾਗੂ ਕੀਤੀ ਹੈ, 'ਨਸ਼ਾ ਮੁਕਤੀ' ਦੇ ਹਿੱਸੇ ਵਜੋਂ ਪੰਜਾਬ ਪੁਲਿਸ ਨੇ ਅੱਜ 29 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਮੁੱਖ ਮੰਤਰੀ ਮਾਨ ਦੀ ਜਾਪਾਨ ਫੇਰੀ ਪੰਜਾਬ ਦੇ ਭਵਿੱਖ ਨੂੰ ਨਵਾਂ ਰੂਪ ਦੇਵੇਗੀ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਜਾਪਾਨ ਫੇਰੀ ਦੇ ਉਸਾਰੂ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਸ ਫੇਰੀ ਨਾਲ ਸੂਬੇ ਵਿੱਚ ਵੱਡਾ ਨਿਵੇਸ਼ ਆਵੇਗਾ ਅਤੇ ਰਣਨੀਤਕ ਸਬੰਧ ਮਜ਼ਬੂਤ ਹੋਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੇ ਵਫ਼ਦ ਦੀ ਦੂਰਦਰਸ਼ੀ ਕੂਟਨੀਤਕ ਪਹੁੰਚ ਪੰਜਾਬ ਦੀ ਮਨੁੱਖੀ ਸਰੋਤਾਂ ਨੂੰ ਉੱਭਰ ਰਹੇ ਮੌਕਿਆਂ ਨਾਲ ਜੋੜੇਗੀ ਜਿਸ ਨਾਲ ਸੂਬੇ ਵਿੱਚ ਵਿਕਾਸ ਨੂੰ ਹੁਲਾਰਾ ਮਿਲੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਠੋਸ ਯਤਨਾਂ ਸਦਕਾ ਪੰਜਾਬ ਨੇ ਜਾਪਾਨੀ ਉਦਯੋਗਜਗਤ ਦੀ ਮੋਹਰੀ ਕੰਪਨੀ ਟੋਪਨ ਸਪੈਸ਼ਲਿਟੀ ਫਿਲਮਜ਼ ਪ੍ਰਾਈਵੇਟ ਲਿਮਟਿਡ (ਟੀ.ਐਸ.ਐਫ.) ਨਾਲ ਇਤਿਹਾਸਕ ਨਿਵੇਸ਼ ਸਮਝੌਤਾ ਸਹੀਬੱਧ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੰਪਨੀ ਪੰਜਾਬ ਵਿੱਚ 400 ਕਰੋੜ ਰੁਪਏ ਦਾ ਨਿਵੇਸ਼ ਕਰਨ ਜਾ ਰਹੀ ਹੈ ਅਤੇ ਇਸ ਕੰਪਨੀ ਨਾਲ ਇਹ ਸਮਝੌਤਾ 6ਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਪੰਜਾਬ ਨੂੰ ਵਿਸ਼ਵ ਪੱਧਰ 'ਤੇ ਨਿਵੇਸ਼ ਲਈ ਪਸੰਦੀਦਾ ਸਥਾਨ ਵਜੋਂ ਸਥਾਪਤ ਕਰਨ ਦੇ ਸਫ਼ਰ ਵਿੱਚ ਇੱਕ ਵੱਡਾ ਮੀਲ ਪੱਥਰ ਹੋਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸਮਝੌਤਾ ਸੂਬੇ ਦੇ ਉਦਯੋਗਿਕ ਵਿਕਾਸ ਅਤੇ ਤਕਨੀਕੀ ਵਿਦਿਅਕ ਸਮਰੱਥਾ ਦਰਮਿਆਨ ਤਾਲਮੇਲ ਨੂੰ ਮਜ਼ਬੂਤ ਕਰੇਗਾ, ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦੂਰਅੰਦੇਸ਼ੀ ਦ੍ਰਿਸ਼ਟੀਕੋਣ ਦੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਸਕਿੱਲਿੰਗ ਐਕਸੀਲੈਂਸ ਸੈਂਟਰ ਉਦਯੋਗ-ਅਨੁਕੂਲ ਹੁਨਰ ਦਾ ਵਿਸਤਾਰ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਵਧਾਏਗਾ ਅਤੇ ਸੂਬੇ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਦਿੰਦਿਆਂ ਪੰਜਾਬ ਨੂੰ ਉੱਤਰੀ ਭਾਰਤ ਦੀ ਹੁਨਰ ਰਾਜਧਾਨੀ ਵਜੋਂ ਸਥਾਪਤ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਇਹ ਰਣਨੀਤਕ ਪਹੁੰਚ ਸਾਡੀਆਂ ਪ੍ਰਸ਼ਾਸਕੀ ਸਫ਼ਲਤਾਵਾਂ ਅਤੇ ਭਵਿੱਖਮੁਖੀ ਯੋਜਨਾਵਾਂ ਨੂੰ ਸਾਂਝਾ ਕਰਦਿਆਂ ਆਲਮੀ ਪੱਧਰ 'ਤੇ ਪੰਜਾਬ ਦੀ ਇੱਕ ਸਫ਼ਲ ਪਛਾਣ ਕਾਇਮ ਕਰੇਗੀ ਜਿਸ ਨਾਲ ਦੁਨੀਆਂ ਨੂੰ ਪਤਾ ਚੱਲੇਗਾ ਕਿ ਪੰਜਾਬ ਨਾ ਸਿਰਫ਼ ਕਾਰੋਬਾਰ ਲਈ ਖੁੱਲ੍ਹਾ ਹੈ ਸਗੋਂ ਇਹ ਭਵਿੱਖ ਲਈ ਵੀ ਅਜਿਹੇ ਰਣਨੀਤਕ ਸਬੰਧ ਕਾਇਮ ਕਰ ਰਿਹਾ ਹੈ, ਜੋ ਇਸ ਦੇ ਅਤਿ-ਆਧੁਨਿਕ ਬੁਨਿਆਦੀ ਢਾਂਚੇ ਅਤੇ ਲੋਕਾਂ ਵਿੱਚ ਨਿਵੇਸ਼ ਲਈ ਹੱਥ ਵਧਾਉਂਦੇ ਹਨ। ਬੈਂਸ ਨੇ ਦੱਸਿਆ ਕਿ ਪੰਜਾਬ ਦੇ ਵਫ਼ਦ ਵੱਲੋਂ ਫਾਸਟਟ੍ਰੈਕ ਪੰਜਾਬ ਸਿੰਗਲ-ਵਿੰਡੋ ਸਿਸਟਮ, ਆਟੋ-ਡੀਮਡ ਪ੍ਰਵਾਨਗੀਆਂ ਅਤੇ ਪ੍ਰਗਤੀਸ਼ੀਲ ਪੰਜਾਬ ਰਾਈਟ ਟੂ ਬਿਜ਼ਨਸ ਐਕਟ ਸਮੇਤ ਸੂਬੇ ਦੇ ਬੇਮਿਸਾਲ ਸ਼ਾਸਨ ਸੁਧਾਰਾਂ ਨੂੰ ਸਫ਼ਲਤਾਪੂਰਵਕ ਢੰਗ ਨਾਲ ਪੇਸ਼ ਕੀਤਾ ਜਾ ਰਿਹਾ ਹੈ। ਨਵੀਂ ਉਦਯੋਗਿਕ ਨੀਤੀ 2022 'ਚ ਦਰਜ ਅਤੇ ਉਦਯੋਗਪਤੀਆਂ ਦੀ ਪ੍ਰਧਾਨਗੀ ਵਾਲੀਆਂ 24 ਸੈਕਟਰ-ਆਧਾਰਤ ਕਮੇਟੀਆਂ ਦੁਆਰਾ ਸੇਧਤ ਇਨ੍ਹਾਂ ਉਪਾਵਾਂ ਸਦਕਾ ਸੂਬੇ ਨੂੰ ਪਹਿਲਾਂ ਹੀ ਇਨਵੈਸਟ ਪੰਜਾਬ ਰਾਹੀਂ 1.4 ਲੱਖ ਕਰੋੜ ਤੋਂ ਵੱਧ ਦਾ ਨਿਵੇਸ਼ ਹਾਸਲ ਹੋ ਚੁੱਕਾ ਹੈ। ਬੈਂਸ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੀ ਸਫ਼ਲ ਵਿਕਾਸ ਕਹਾਣੀ ਦਾ ਗਵਾਹ ਬਣਨ ਲਈ ਦੁਨੀਆ ਭਰ ਦੇ ਨਿਵੇਸ਼ਕਾਂ ਅਤੇ ਭਾਈਵਾਲਾਂ ਨੂੰ ਆਗਾਮੀ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦੀ ਹੈ।

ਆਗੈ ਸਮਝ ਚੱਲੋ ਨੰਦ ਲਾਲਾ, ਪਾਛੈ ਜੋ ਬੀਤੀ ਸੋ ਬੀਤੀ॥





JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence
you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial
Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਭਾਜਪਾ ਦੱਸੇ ਕਿ ਗੁਜਰਾਤ ਜੇਲ੍ਹ ਵਿੱਚ ਬੰਦ ਗੈਂਗਸਟਰ ਧਮਕੀਆਂ ਕਿਵੇਂ ਦੇ ਰਿਹਾ ਹੈ: ਬਲਤੇਜ ਪੰਨੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵਿਰੋਧੀ ਧਿਰ, ਖਾਸ ਕਰਕੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਉਹ ਸੂਬੇ ਦੀ ਕਾਨੂੰਨ ਵਿਵਸਥਾ ਵਿਗੜਨ ਦਾ ਵਾਰ-ਵਾਰ ਦਾਅਵਾ ਕਰਕੇ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਪੰਜਾਬ ਦੇਸ਼ ਦੇ ਸਭ ਤੋਂ ਸੁਰੱਖਿਅਤ ਅਤੇ ਸਥਿਰ ਸੂਬਿਆਂ ਵਿੱਚੋਂ ਇੱਕ ਹੈ, ਖਾਸ ਕਰਕੇ ਭਾਜਪਾ ਸ਼ਾਸਿਤ ਸੂਬਿਆਂ ਜਿਵੇਂ ਕਿ ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਹਰਿਆਣਾ ਦੇ ਮੁਕਾਬਲੇ, ਜਿੱਥੇ ਕਾਨੂੰਨ ਵਿਵਸਥਾ ਸੱਚਮੁੱਚ ਹੀ ਢਹਿ-ਢੇਰੀ ਹੋ ਚੁੱਕੀ ਹੈ।ਪੰਨੂ ਨੇ ਕਿਹਾ ਕਿ ਜਨਤਕ ਸੁਰੱਖਿਆ ਲਈ ਅਸਲੀ ਖ਼ਤਰਾ ਪੰਜਾਬ ਤੋਂ ਨਹੀਂ, ਸਗੋਂ ਉਨ੍ਹਾਂ ਸਿਆਸੀ ਤਾਕਤਾਂ ਤੋਂ ਹੈ ਜੋ ਗੈਂਗਸਟਰਾਂ ਨੂੰ ਸਰਗਰਮੀ ਨਾਲ ਮਦਦ ਕਰ ਰਹੀਆਂ ਹਨ। ਉਨ੍ਹਾਂ ਨੇ ਗੁਜਰਾਤ ਦੀ ਜੇਲ੍ਹ ਅੰਦਰੋਂ ਕਥਿਤ ਤੌਰ 'ਤੇ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੀ ਇੱਕ ਵਾਇਰਲ ਆਡੀਓ ਕਾਲ ਦਾ ਹਵਾਲਾ ਦਿੱਤਾ। ਪੰਨੂ ਨੇ ਕਿਹਾ ਕਿ ਭਾਜਪਾ ਦੀ ਨਿਗਰਾਨੀ ਹੇਠ, ਗੁਜਰਾਤ ਦੀ ਇੱਕ ਉੱਚ-ਸੁਰੱਖਿਆ ਜੇਲ੍ਹ ਵਿੱਚ ਬੰਦ ਇੱਕ ਗੈਂਗਸਟਰ ਖੁੱਲ੍ਹੇਆਮ ਫੋਨ ਕਰ ਰਿਹਾ ਹੈ, ਧਮਕੀਆਂ ਦੇ ਰਿਹਾ ਹੈ, ਅਤੇ ਇੱਥੋਂ ਤੱਕ ਕਿ ਗੈਂਗ ਵਾਰ ਕਰਵਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।ਉਨ੍ਹਾਂ ਸਵਾਲ ਕੀਤਾ ਕਿ ਭਾਜਪਾ ਦੁਆਰਾ ਚਲਾਈ ਜਾ ਰਹੀ ਜੇਲ੍ਹ ਦੇ ਅੰਦਰ ਗੈਂਗਸਟਰਾਂ ਨੂੰ ਮੋਬਾਈਲ ਫੋਨ ਤੱਕ ਪਹੁੰਚ ਕਿਵੇਂ ਮਿਲ ਰਹੀ ਹੈ?

ਉਨ੍ਹਾਂ ਕਿਹਾ ਕਿ ਇਸ ਗੈਂਗਸਟਰ ਨੇ ਹਾਲ ਹੀ ਵਿੱਚ ਆਪਣੇ ਸਾਬਕਾ ਸਾਥੀ ਦੇ ਕਤਲ ਤੋਂ ਪਹਿਲਾਂ ਵੀ ਧਮਕੀਆਂ ਦਿੱਤੀਆਂ ਸਨ, ਇਹ ਕਤਲ ਕਥਿਤ ਤੌਰ 'ਤੇ ਬਿਸ਼ਨੋਈ ਦੁਆਰਾ ਹੀ ਕਰਵਾਇਆ ਗਿਆ ਸੀ। ਉਨ੍ਹਾਂ ਕਿਹਾ, ਇਹ ਪੂਰੀ ਆਡੀਓ ਕਲਿੱਪ, ਜੋ ਸਵੇਰ ਤੋਂ ਹਰ ਨਿਊਜ਼ ਚੈਨਲ 'ਤੇ ਚੱਲ ਰਹੀ ਹੈ, ਇਹ ਬੇਨਕਾਬ ਕਰਦੀ ਹੈ ਕਿ ਭਾਜਪਾ ਕਿਵੇਂ ਵਪਾਰੀਆਂ, ਗਾਇਕਾਂ ਅਤੇ ਕਲਾਕਾਰਾਂ ਨੂੰ ਫੋਨ ਰਾਹੀਂ ਫਿਰੌਤੀ ਦੀਆਂ ਕਾਲਾਂ ਦੀ ਸਹੂਲਤ ਦੇ ਕੇ ਪੰਜਾਬ ਵਿੱਚ ਡਰ ਦਾ ਮਾਹੌਲ ਪੈਦਾ ਕਰਨ ਵਿੱਚ ਸਹਾਇਤਾ ਕਰ ਰਹੀ ਹੈ।" ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਸਪੱਸ਼ਟ ਹੈ, ਡਰ ਪੈਦਾ ਕਰੋ ਅਤੇ ਪੰਜਾਬ ਅਤੇ ਇਸਦੀ ਸਰਕਾਰ ਨੂੰ ਬਦਨਾਮ ਕਰੋ।

ਪੰਨੂ ਨੇ ਉਜਾਗਰ ਕੀਤਾ ਕਿ ਉੱਤਰੀ ਭਾਰਤ ਵਿੱਚ ਸਰਗਰਮ ਜ਼ਿਆਦਾਤਰ ਗੈਂਗਸਟਰਾਂ ਦੀਆਂ ਜੜ੍ਹਾਂ ਹਰਿਆਣਾ ਵਿੱਚ ਹਨ। ਉਨ੍ਹਾਂ ਕਿਹਾ ਕਿ ਲਾਰੈਂਸ ਬਿਸ਼ਨੋਈ ਵੀ ਪੰਜਾਬ ਵਿੱਚ ਇੱਕ ਸਮੇਂ ਵਿਦਿਆਰਥੀ ਸੀ ਅਤੇ ਐਸ.ਓ.ਆਈ. ਨਾਲ ਜੁੜਿਆ ਹੋਇਆ ਸੀ, ਜਿੱਥੇ ਉਸਦੇ ਕਈ ਤਤਕਾਲੀ ਵਿਦਿਆਰਥੀ ਆਗੂਆਂ, ਜੋ ਹੁਣ ਵੱਖ-ਵੱਖ ਪਾਰਟੀਆਂ ਵਿੱਚ ਸਿਆਸਤਦਾਨ ਹਨ, ਨਾਲ ਸਬੰਧ ਬਣੇ ਸਨ।

ਉਨ੍ਹਾਂ ਖੁਲਾਸਾ ਕੀਤਾ ਕਿ ਗੈਂਗਸਟਰਾਂ ਨੂੰ ਸਿਆਸੀ ਸਰਪ੍ਰਸਤੀ ਦੇਣਾ ਕੋਈ ਨਵੀਂ ਗੱਲ ਨਹੀਂ ਹੈ। "2022 ਵਿੱਚ, ਸ਼੍ਰੋਮਣੀ ਅਕਾਲੀ ਦਲ (ਬਾਦਲ) ਨੇ ਗੈਂਗਸਟਰ ਸੋਨੂੰ ਕਾਂਗਲਾ ਦੀ ਮਾਂ ਨੂੰ ਅੰਮ੍ਰਿਤਸਰ ਤੋਂ ਟਿਕਟ ਦਿੱਤੀ ਸੀ। ਬਾਦਲਾਂ ਨੇ ਬਸਪਾ ਨਾਲ ਚੋਣ ਸਮਝੌਤਾ ਕੀਤਾ ਸੀ ਅਤੇ ਉਸ ਨੂੰ ਆਪਣੀ ਸੀਟ ਤੋਂ ਉਮੀਦਵਾਰ ਬਣਾਇਆ ਸੀ। ਜੇਕਰ ਥੋੜ੍ਹਾ ਹੋਰ ਪਿੱਛੇ ਜਾਓ, ਤੁਹਾਨੂੰ ਸ਼ੇਰਾ ਖੁੱਬਣ ਅਤੇ ਰੌਕੀ ਵਰਗੇ ਨਾਮ ਮਿਲਣਗੇ। ਰੌਕੀ ਦੀ ਭੈਣ ਵੀ ਬਾਅਦ ਵਿੱਚ ਅਕਾਲੀ ਦਲ (ਬਾਦਲ) ਵਿੱਚ ਸ਼ਾਮਲ ਹੋ ਗਈ ਸੀ।ਉਨ੍ਹਾਂ ਕਿਹਾ ਕਿ ਭਾਜਪਾ ਹੁਣ ਅਪਰਾਧੀ ਅਨਸਰਾਂ ਨੂੰ ਪਨਾਹ ਦੇਣ ਵਾਲੀ ਨਵੀਨਤਮ ਪਾਰਟੀ ਬਣ ਗਈ ਹੈ। ਭਾਜਪਾ ਨੇ ਇਸ ਗੈਂਗਸਟਰ ਨੂੰ ਗੁਜਰਾਤ ਜੇਲ੍ਹ ਵਿੱਚ ਅਜਿਹੀ ਸਰਪ੍ਰਸਤੀ ਹੇਠ ਰੱਖਿਆ ਹੈ ਕਿ ਉਸਨੂੰ ਹੁਣ ਉੱਥੋਂ ਬਾਹਰ ਵੀ ਨਹੀਂ ਕੱਢਿਆ ਜਾ ਸਕਦਾ। ਉੱਥੋਂ, ਉਸ ਨੂੰ ਫੋਨ ਕਾਲਾਂ ਰਾਹੀਂ ਖੁੱਲ੍ਹੇਆਮ ਕੰਮ ਕਰਨ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ।

ਪੰਨੂ ਨੇ ਪੰਜਾਬੀਆਂ ਨੂੰ ਸਾਜ਼ਿਸ਼ ਪ੍ਰਤੀ ਚੌਕਸ ਰਹਿਣ ਦੀ ਚੇਤਾਵਨੀ ਦਿੱਤੀ। "ਭਾਜਪਾ ਸਮੇਤ ਉਹ ਸਿਆਸੀ ਪਾਰਟੀਆਂ ਜੋ ਪੰਜਾਬ 'ਤੇ ਕਬਜ਼ਾ ਕਰਨਾ ਚਾਹੁੰਦੀਆਂ ਹਨ, ਇਸ ਸੰਗਠਿਤ ਕੋਸ਼ਿਸ਼ ਦੇ ਪਿੱਛੇ ਹਨ ਤਾਂ ਜੋ ਡਰ ਪੈਦਾ ਕੀਤਾ ਜਾ ਸਕੇ। ਉਹ ਸੂਬੇ ਨੂੰ ਅਸਥਿਰ ਕਰਨਾ ਚਾਹੁੰਦੇ ਹਨ ਅਤੇ ਫਿਰ ਆਪਣੇ ਆਪ ਨੂੰ ਹੱਲ ਵਜੋਂ ਪੇਸ਼ ਕਰਨਾ ਚਾਹੁੰਦੇ ਹਨ।

ਮਾਮਲੇ 'ਤੇ ਭਾਜਪਾ ਦੀ ਚੁੱਪੀ 'ਤੇ ਵਰ੍ਹਦਿਆਂ ਪੰਨੂ ਨੇ ਤੁਰੰਤ ਜਵਾਬ ਮੰਗਿਆ ਅਤੇ ਕਿਹਾ ਕਿ ਗੁਜਰਾਤ ਜੇਲ੍ਹ ਵਿੱਚ ਬੰਦ ਇੱਕ ਬਦਨਾਮ ਗੈਂਗਸਟਰ ਨੂੰ ਫੋਨ ਕਿਵੇਂ ਮਿਲ ਰਿਹਾ ਹੈ? ਉਸਨੂੰ ਕੌਣ ਪਹੁੰਚ ਦੇ ਰਿਹਾ ਹੈ? ਇਨ੍ਹਾਂ ਧਮਕੀ ਭਰੇ ਫੋਨਾਂ ਨੂੰ ਸੰਭਵ ਬਣਾਉਣ ਲਈ ਕੌਣ ਜ਼ਿੰਮੇਵਾਰ ਹੈ?

ਉਨ੍ਹਾਂ ਦੁਹਰਾਇਆ ਕਿ ਜਦੋਂ ਵੀ ਗੈਂਗਸਟਰਾਂ ਜਾਂ ਉਨ੍ਹਾਂ ਦੇ ਸਾਥੀਆਂ ਨੇ ਪੰਜਾਬ ਵਿੱਚ ਕੋਈ ਅਪਰਾਧ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਪੰਜਾਬ ਪੁਲਿਸ ਨੇ ਤੁਰੰਤ ਅਤੇ ਨਿਰਣਾਇਕ ਕਾਰਵਾਈ ਕੀਤੀ, 24 ਘੰਟਿਆਂ ਦੇ ਅੰਦਰ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਕੁਝ ਮੁਕਾਬਲੇ ਵਿੱਚ ਉਨ੍ਹਾਂ ਨੂੰ ਖਤਮ ਕਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਅਤੇ ਪੰਜਾਬ ਸਰਕਾਰ ਹਰ ਨਾਗਰਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਚੌਕਸ ਅਤੇ ਵਚਨਬੱਧ ਹਨ। ਕਿਸੇ ਵੀ ਕਿਸਮ ਦੀ ਕੋਈ ਢਿੱਲ ਨਹੀਂ ਹੈ।

ਪੰਨੂ ਨੇ ਵਿਰੋਧੀ ਧਿਰ 'ਤੇ ਦੋਹਰੀ ਖੇਡ ਖੇਡਣ ਦਾ ਦੋਸ਼ ਲਾਇਆ ਕਿ ਉਹ ਗੈਂਗਸਟਰਾਂ ਰਾਹੀਂ ਡਰ ਪੈਦਾ ਕਰ ਰਹੇ ਹਨ ਅਤੇ ਨਾਲ ਹੀ ਕਾਨੂੰਨ ਵਿਵਸਥਾ ਲਈ ਪੰਜਾਬ ਸਰਕਾਰ ਨੂੰ ਦੋਸ਼ੀ ਠਹਿਰਾ ਰਹੇ ਹਨ। ਉਨ੍ਹਾਂ ਭਾਜਪਾ ਨੂੰ ਕਿਹਾ "ਜੇ ਤੁਸੀਂ ਰਾਜਨੀਤੀ ਵਿੱਚ ਰਹਿਣਾ ਚਾਹੁੰਦੇ ਹੋ, ਤਾਂ ਗੈਂਗਸਟਰਾਂ 'ਤੇ ਨਿਰਭਰ ਹੋਣ ਦੀ ਬਜਾਏ ਲੋਕਾਂ ਲਈ ਕੰਮ ਕਰੋ। ਬਦਕਿਸਮਤੀ ਨਾਲ, ਬਹੁਤ ਸਾਰੀਆਂ ਪਾਰਟੀਆਂ ਨੇ ਇਹ ਨਵੀਂ ਅਤੇ ਖ਼ਤਰਨਾਕ ਪ੍ਰਥਾ ਸ਼ੁਰੂ ਕਰ ਦਿੱਤੀ ਹੈ।"

ਉਨ੍ਹਾਂ ਲੋਕਾਂ ਨੂੰ ਇਹ ਵੀ ਯਾਦ ਕਰਵਾਇਆ ਕਿ ਅਪਰਾਧੀਆਂ ਨੂੰ ਸਿਆਸੀ ਸਰਪ੍ਰਸਤੀ ਦੇਣ ਦਾ ਇੱਕ ਲੰਮਾ ਇਤਿਹਾਸ ਹੈ: "ਕੈਪਟਨ ਅਮਰਿੰਦਰ ਸਿੰਘ ਦੀ 2017 ਦੀ ਸਰਕਾਰ ਯਾਦ ਹੈ? ਉੱਤਰ ਪ੍ਰਦੇਸ਼ ਤੋਂ ਇੱਕ ਮਸ਼ਹੂਰ ਗੈਂਗਸਟਰ ਲਿਆ ਕੇ ਪੰਜਾਬ ਦੀ ਜੇਲ੍ਹ ਵਿੱਚ ਵੀ.ਆਈ.ਪੀ. ਸਹੂਲਤਾਂ ਨਾਲ ਰੱਖਿਆ ਗਿਆ ਸੀ। ਹਾਲਾਤ ਇੰਨੇ ਖ਼ਰਾਬ ਹੋ ਗਏ ਸਨ ਕਿ ਯੂ.ਪੀ. ਸਰਕਾਰ ਨੂੰ ਉਸਨੂੰ ਵਾਪਸ ਲੈਣ ਲਈ ਸੁਪਰੀਮ ਕੋਰਟ ਤੱਕ ਪਹੁੰਚ ਕਰਨੀ ਪਈ ਸੀ। ਤਰਨਤਾਰਨ ਦੀਆਂ ਚੋਣਾਂ ਵਿੱਚ ਵੀ ਇੱਕ ਗੈਂਗਸਟਰ ਦੇ ਪਰਿਵਾਰ ਨੂੰ ਸਿਆਸੀ ਟਿਕਟ ਦਿੱਤੀ ਗਈ ਸੀ।"

ਪੰਨੂ ਨੇ ਕਿਹਾ ਕਿ ਵਿਰੋਧੀ ਧਿਰ ਪੰਜਾਬ ਵਿੱਚ ਕੋਈ ਮੁੱਦਾ ਲੱਭਣ ਵਿੱਚ ਅਸਫਲ ਰਹੀ ਹੈ। ਉਹ ਹੁਣ ਲੋਕਾਂ ਨੂੰ ਡਰਾ ਕੇ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਪਰ ਪੰਜਾਬੀ ਉਨ੍ਹਾਂ ਦੀ ਸਾਜ਼ਿਸ਼ ਨੂੰ ਦੇਖ ਰਹੇ ਹਨ।

# ਭਾਜਪਾ ਦੇ 'ਕਾਂਗਰਸੀ ਵਿੰਗ' ਦਾ ਪੰਜਾਬ ਵਿਰੋਧੀ ਚਿਹਰਾ ਬੇਨਕਾਬ, ਗੰਗ ਨਹਿਰ ਦੇ ਜਸ਼ਨਾਂ 'ਤੇ ਧਾਲੀਵਾਲ ਦਾ ਹਮਲਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਉਸਦੇ ਆਗੂ ਰਾਣਾ ਗੁਰਮੀਤ ਸਿੰਘ ਸੋਢੀ 'ਤੇ ਤਿੱਖੇ ਸਿਆਸੀ ਹਮਲੇ ਕੀਤੇ ਹਨ। ਧਾਲੀਵਾਲ ਨੇ ਕਿਹਾ ਕਿ ਭਾਜਪਾ ਵਿੱਚ ਸ਼ਾਮਲ ਹੋਏ ਸਾਬਕਾ ਕਾਂਗਰਸੀਆਂ, ਜੋ ਹੁਣ 'ਭਾਜਪਾ ਦਾ ਕਾਂਗਰਸੀ ਵਿੰਗ' ਹਨ, ਦਾ ਚਿਹਰਾ ਇੱਕ-ਇੱਕ ਕਰਕੇ ਬੇਨਕਾਬ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਿੰਗ ਦਾ ਭਾਜਪਾ ਵੱਲ ਝੁਕਾਅ ਹੋਣਾ ਸੁਭਾਵਿਕ ਹੈ ਕਿਉਂਕਿ ਦੋਵਾਂ ਦੀ ਪੰਜਾਬ ਪ੍ਰਤੀ ਨਫ਼ਰਤ ਵਾਲੀ ਮਾਨਸਿਕਤਾ ਅਤੇ ਸੋਚ ਇੱਕ ਦੂਜੇ ਨਾਲ ਪੂਰੀ ਤਰ੍ਹਾਂ ਮੇਲ ਖਾਂਦੀ ਹੈ।

'ਆਪ' ਆਗੂ ਨੇ ਕਿਹਾ ਕਿ ਭਾਜਪਾ ਦੇ ਇਸੇ ਕਾਂਗਰਸੀ ਵਿੰਗ ਦੇ ਆਗੂ ਰਾਣਾ ਗੁਰਮੀਤ ਸਿੰਘ ਸੋਢੀ ਨੇ ਅੱਜ ਗੰਗ ਨਹਿਰ ਦੇ 100 ਸਾਲ ਪੂਰੇ ਹੋਣ 'ਤੇ ਜਸ਼ਨ ਮਨਾਉਣ ਦਾ ਪ੍ਰੋਗਰਾਮ ਉਲੀਕਿਆ ਸੀ, ਜਿੱਥੇ ਭਾਜਪਾ ਦੇ ਕੇਂਦਰੀ ਮੰਤਰੀ ਵੀ ਹੁੰਮ-ਹੁੰਮਾ ਕੇ ਪਹੁੰਚ ਰਹੇ ਸਨ। ਧਾਲੀਵਾਲ ਨੇ ਇਤਿਹਾਸ ਦੇ ਪੰਨੇ ਫਰੋਲਦਿਆਂ ਕਿਹਾ ਕਿ ਗੰਗ ਨਹਿਰ ਦਾ ਇਤਿਹਾਸ ਜਗ-ਜ਼ਾਹਿਰ ਹੈ। ਇਹ ਨਹਿਰ ਉਸ ਸਮੇਂ ਦੇ ਬੀਕਾਨੇਰ ਦੇ ਰਾਜਾ ਗੰਗਾ ਸਿੰਘ ਨੂੰ ਦੇਸ਼ ਦੀ ਪਿੱਠ ਵਿੱਚ ਛੁਰਾ ਮਾਰਨ ਅਤੇ ਅੰਗਰੇਜ਼ਾਂ ਦੀ ਚਾਪਲੂਸੀ ਕਰਨ ਬਦਲੇ ਇਨਾਮ ਵਜੋਂ ਦਿੱਤੀ ਗਈ ਸੀ। ਅੰਗਰੇਜ਼ਾਂ ਨੇ ਪੰਜਾਬ ਦੇ ਫਿਰੋਜ਼ਪੁਰ ਨੇੜੇ ਸਤਲੁਜ ਦਰਿਆ ਵਿੱਚੋਂ ਇਹ ਨਹਿਰ ਕੱਢ ਕੇ ਰਾਜਸਥਾਨ ਨੂੰ ਤੋਹਫੇ ਵਜੋਂ ਦਿੱਤੀ ਸੀ, ਜੋ ਪੰਜਾਬ ਦੇ ਹੱਕਾਂ 'ਤੇ ਸ਼ਰੇਆਮ ਡਾਕਾ ਸੀ।

ਧਾਲੀਵਾਲ ਨੇ ਦੋਸ਼ ਲਾਇਆ ਕਿ ਭਾਜਪਾ ਦਾ ਇਹ ਕਾਂਗਰਸੀ ਵਿੰਗ ਕਈ ਦਹਾਕਿਆਂ ਤੋਂ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ 'ਤੇ ਡਾਕਾ ਮਾਰਨ ਦਾ ਕੰਮ ਕਰਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ 5 ਦਸੰਬਰ ਨੂੰ, ਜਦੋਂ 1925 ਵਿੱਚ ਸ਼ੁਰੂ ਹੋਈ ਇਸ ਨਹਿਰ ਨੂੰ 100 ਸਾਲ ਪੂਰੇ ਹੋਏ ਹਨ, ਤਾਂ ਇਸ ਲੁੱਟ ਦਾ ਜਸ਼ਨ ਮਨਾ ਕੇ ਇਨ੍ਹਾਂ ਨੇ ਪੰਜਾਬੀਆਂ ਦੇ ਪੁਰਾਣੇ ਜ਼ਖਮਾਂ 'ਤੇ ਇੱਕ ਵਾਰ ਫਿਰ ਲੂਣ ਛਿੜਕਣ ਦਾ ਘਿਨੌਣਾ ਕੰਮ ਕੀਤਾ ਹੈ। ਇਹ ਸਾਬਤ ਕਰਦਾ ਹੈ ਕਿ ਇਨ੍ਹਾਂ ਆਗੂਆਂ ਦੇ ਦਿਲ ਵਿੱਚ ਪੰਜਾਬ ਲਈ ਕੋਈ ਦਰਦ ਨਹੀਂ ਹੈ।ਕੁਲਦੀਪ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇੱਕ ਪਾਸੇ ਪੰਜਾਬ ਦਾ ਪੁੱਤਰ ਅਤੇ ਹੱਕਾਂ ਦਾ ਰਾਖਾ ਭਗਵੰਤ ਮਾਨ ਐਸ.ਵਾਈ.ਐਲ ਅਤੇ ਬੀਬੀਐਮਬੀ ਵਰਗੇ ਮੁੱਦਿਆਂ ਨੂੰ ਲੈ ਕੇ ਕੇਂਦਰ ਸਰਕਾਰ ਨਾਲ ਸਿੱਧੀ ਟੱਕਰ ਲੈ ਰਿਹਾ ਹੈ ਅਤੇ ਸੁਪਰੀਮ ਕੋਰਟ ਵਿੱਚ ਪੰਜਾਬ ਦਾ ਪੱਖ ਮਜ਼ਬੂਤੀ ਨਾਲ ਰੱਖ ਰਿਹਾ ਹੈ। ਦੂਜੇ ਪਾਸੇ, ਭਾਜਪਾ ਦਾ ਇਹ ਕਾਂਗਰਸੀ ਵਿੰਗ ਪੰਜਾਬ ਨਾਲ ਹੋਏ ਧੱਕੇ ਅਤੇ ਪਾਣੀਆਂ ਦੀ ਲੁੱਟ ਦੇ ਜਸ਼ਨ ਮਨਾ ਰਿਹਾ ਹੈ।



# ਕਥਿਤ ਵਾਇਰਲ ਆਡੀਓ ਬਾਰੇ ਦਾਇਰ ਪਟੀਸ਼ਨ: ਅਦਾਲਤ ਨੇ ਪਟੀਸ਼ਨ ਦੀ ਮੈਨਟੇਨੇਬਿਲਟੀ ਸਬੰਧੀ ਮੰਗਿਆ ਸਪੱਸ਼ਟੀਕਰਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਜ਼ਿਲ੍ਹਾ ਪਟਿਆਲਾ ਵਿੱਚ ਹੋ ਰਹੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਸੰਬੰਧੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦਾਇਰ ਕੀਤੀ ਇੱਕ ਜਨਹਿੱਤ ਪਟੀਸ਼ਨ (ਪੀਆਈਐਲ) ਦਾ ਪੰਜਾਬ ਸਰਕਾਰ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੇ ਸਖ਼ਤ ਵਿਰੋਧ ਕੀਤਾ ਹੈ ।ਇਹ ਪਟੀਸ਼ਨ ਇੱਕ ਕਥਿਤ ਕਾਨਫਰੰਸ ਕਾਲ ਦੀ ਆਡੀਓ ਰਿਕਾਰਡਿੰਗ ’ਤੇ ਅਧਾਰਤ ਹੈ, ਜੋ ਵਾਇਰਲ ਹੋ ਗਈ ਸੀ।

ਸੂਬੇ ਨੇ ਸੰਵਿਧਾਨਕ ਅਦਾਲਤਾਂ ਵਿੱਚ ਪਟੀਸ਼ਨ ਦੇ ਗ਼ੈਰ-ਵਾਜਿਬ ਹੋਣ ਬਾਰੇ ਬੁਨਿਆਦੀ ਇਤਰਾਜ਼ ਚੁੱਕੇ ਹਨ।ਮਾਣਯੋਗ ਹਾਈ ਕੋਰਟ ਵਿੱਚ ਪੇਸ਼ ਹੁੰਦੇ ਹੋਏ, ਐਡਵੋਕੇਟ ਜਨਰਲ ਨੇ ਸੁਪਰੀਮ ਕੋਰਟ ਵਲੋਂ ਵੱਖ ਵੱਖ ਮਾਮਲਿਆਂ ਵਿਚ ਸੁਣਾਏ ਗਏ ਫੈਸਲੇ ਦੀਆਂ ਉਦਾਹਰਣਾਂ ਦਿੰਦੇ ਹੋਏ ਦਲੀਲ ਦਿੱਤੀ ਕਿ ਚੋਣਾਂ ਨਾਲ ਸਬੰਧਤ ਮਾਮਲਿਆਂ ਵਿੱਚ ਅਪੀਲਾਂ ਮੇਨਟੇਨੇਬਲ ਨਹੀਂ ਹਨ। ਉਨ੍ਹਾਂ ਦਲੀਲ ਦਿੱਤੀ ਕਿ ਰਾਨੀਤੀ ਤੋਂ ਪ੍ਰੇਰਿਤ ਅਜਿਹੀਆਂ ਪਟੀਸ਼ਨਾਂ, ਸੰਵਿਧਾਨਕ ਅਦਾਲਤਾਂ ਵੱਲੋਂ ਵਿਚਾਰੀਆਂ ਨਹੀਂ ਜਾਣੀਆਂ ਚਾਹੀਦੀਆਂ।ਪੰਜਾਬ ਸਰਕਾਰ ਤਰਫ਼ੋਂ ਪੇਸ਼ ਕੀਤੇ ਗਏ ਤੱਥਾਂ ਨੂੰ ਸੁਣਵਾਈ ਦੌਰਾਨ ਉਦੋਂ ਹੋਰ ਵੀ ਮਜ਼ਬੂਤੀ ਮਿਲੀ ਜਦੋਂ ਇਹ ਦੱਸਿਆ ਗਿਆ ਕਿ ਪਟੀਸ਼ਨਰਾਂ ਦੀ ਚੋਣ ਅਧਿਕਾਰੀਆਂ ਨੂੰ ਪੇਸ਼ ਕੀਤੀ ਕਥਿਤ ਪ੍ਰਤੀਬੇਨਤੀ ਰਾਜਨੀਤਿਕ ਪਾਰਟੀਆਂ ਦੇ ਅਧਿਕਾਰਤ ਲੈਟਰਹੈੱਡ ’ਤੇ ਜਾਰੀ ਕੀਤੀ ਗਈ ਸੀ ਜਿਸ ਨਾਲ ਪਟੀਸ਼ਨਰ ਦਾ ਪੱਖ ਹੋਰ ਕਮਜ਼ੋਰ ਹੋ ਗਿਆ। ਐਡਵੋਕੇਟ ਜਨਰਲ ਨੇ ਦਲੀਲ ਦਿੱਤੀ ਕਿ ਇਹ ਸਪੱਸ਼ਟ ਤੌਰ ’ਤੇ ਪਟੀਸ਼ਨ ਦੇ ਪੱਖਪਾਤੀ ਹੋਣ ਦੀ ਪੁਸ਼ਟੀ ਕਰਦਾ ਹੈ ਅਤੇ ਇੱਕ ਅਸਲੀ ਤੇ ਵਾਜਿਬ ਜਨਹਿੱਤ ਪਟੀਸ਼ਨ ਵਜੋਂ ਇਸਦੇ ਰੱਖ-ਰਖਾਅ ਨੂੰ ਹੋਰ ਕਮਜ਼ੋਰ ਕਰਦਾ ਹੈ।

ਐਡਵੋਕੇਟ ਜਨਰਲ ਦੀਆਂ ਬੇਨਤੀਆਂ ’ਤੇ ਧਿਆਨ ਦਿੰਦੇ ਹੋਏ, ਮਾਨਯੋਗ ਹਾਈ ਕੋਰਟ ਨੇ ਪਟੀਸ਼ਨਰਾਂ ਤੋਂ ਇਹ ਸਪੱਸ਼ਟ ਕਰਨ ਲਈ ਵਿਸਤ੍ਰਿਤ ਸਪੱਸ਼ਟੀਕਰਨ ਮੰਗਿਆ ਹੈ ਕਿ ਇਨ੍ਹਾਂ ਕਾਨੂੰਨੀ ਇਤਰਾਜ਼ਾਂ ਦੇ ਮੱਦੇਨਜ਼ਰ ਪਟੀਸ਼ਨ ਕਿਵੇਂ ਮੈਨਟੇਨੇਬਲ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ ਸੋਮਵਾਰ ਨੂੰ ਹੋਵੇਗੀ।





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 | (209) 505-6384
Address : 119. Maple AVe, Suite A Manteca, CA 95336


JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
JUGDEV SAMRA (317) 379-4065
SUKHDEV SAMRA (317) 250-3545
jvslogisticsllc@outlook.com
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue

# ਢਾਹਾਂ ਕਲੇਰਾਂ ਵਿਖੇ ਬਾਬਾ ਬੁੱਧ ਸਿੰਘ ਢਾਹਾਂ ਜੀ ਦੇ 100ਵੇਂ ਜਨਮ ਦਿਨ ਨੂੰ ਸਮਰਪਿਤ ਮੁਫ਼ਤ ਮੈਗਾ ਮੈਡੀਕਲ ਚੈੱਕਅਪ ਕੈਂਪ ਵਿੱਚ 825 ਮਰੀਜ਼ਾਂ ਦਾ ਚੈੱਕਅਪ

ਬੰਗਾ
ਸਾਂਝੀ ਸੋਚ ਬਿਊਰੋ

ਸਮਾਜ ਸੇਵਾ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਬਾਨੀ ਪ੍ਰਧਾਨ ਸੇਵਾ ਦੇ ਪੁੰਜ, ਕੱਲਰੀ ਧਰਤੀ ਦੇ ਗੁਲਾਬ, ਮਹਾਨ ਸਮਾਜ ਸੇਵਕ ਸਵ: ਬਾਬਾ ਬੁੱਧ ਸਿੰਘ ਬਾਬਾ ਬੁੱਧ ਸਿੰਘ ਢਾਹਾਂ ਜੀ ਦੇ 100ਵੇਂ ਜਨਮ ਦਿਨ ਮੌਕੇ ਅੱਜ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੁਫਤ ਮੈਗਾ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਦਾ 825 ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ। ਇਸ ਮੌਕੇ ਸਵੇਰੇ ਗੁਰਦਆਰਾ ਸਾਹਿਬ ਵਿਖੇ ਬਾਬਾ ਜੀ ਦੇ 100ਵੇਂ ਜਨਮ ਦੀ ਖੁਸ਼ੀ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿਚ ਕੀਤੇ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਉਪਰੰਤ ਮੈਗਾ ਫਰੀ ਮੈਡੀਕਲ ਚੈੱਕਅਪ ਕੈਂਪ ਦਾ ਉਦਘਾਟਨ ਬਾਬਾ ਜੀ ਦੇ ਸਾਥੀ ਸੀਨੀਅਰ ਟਰੱਸਟ ਮੈਂਬਰ ਨਰਿੰਦਰ ਸਿੰਘ ਸ਼ੇਰਗਿੱਲ ਕੈਨੇਡਾ ਨੇ ਕੀਤਾ ਅਤੇ ਉਹਨਾਂ ਦਾ ਸਹਿਯੋਗ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਦਰਸ਼ਨ ਸਿੰਘ ਮਾਹਿਲ ਕੈਨੇਡਾ ਸੀਨੀਅਰ ਟਰੱਸਟ ਮੈਂਬਰ ਅਤੇ ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਪ੍ਰਧਾਨ ਨੇ ਦਿੱਤਾ। ਇਸ ਮੌਕੇ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਬਾਨੀ ਪ੍ਰਧਾਨ ਬਾਬਾ ਬੁੱਧ ਸਿੰਘ ਢਾਹਾਂ ਜੀ ਦੇ ਜਨਮ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਡਾ. ਢਾਹਾਂ ਨੇ ਕਿਹਾ ਕਿ ਬਾਬਾ ਜੀ ਨੇ ਆਪਣੇ ਸਾਥੀਆਂ ਨਾਲ ਢਾਹਾਂ ਕਲੇਰਾਂ ਦੀ ਕੱਲਰੀ ਧਰਤੀ 'ਤੇ ਸੇਵਾ ਕਾਰਜ 1979 ਤੋਂ ਆਰੰਭ ਕੀਤੇ ਸਨ। ਬਾਬਾ ਜੀ ਦੀ ਅਗਵਾਈ ਵਿਚ ਸ਼ੁਰੂ ਹੋਈਆਂ ਮੈਡੀਕਲ ਸੇਵਾਵਾਂ ਅਤੇ ਵਿਦਿਅਕ ਸੇਵਾਵਾਂ ਚਾਰ ਦਹਾਕਿਆਂ ਤੋਂ ਨਿਰੰਤਰ ਚੱਲ ਰਹੀਆਂ ਹਨ ਅਤੇ ਉਹਨਾਂ ਵਿਚ ਚੱਲ ਰਹੀਆਂ ਸੇਵਾਵਾਂ ਵਿਚ ਵਾਧਾ ਕਰਦੇ ਹੋਏ, ਉਹਨਾਂ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ। ਡਾ. ਢਾਹਾਂ ਨੇ ਕਿਹਾ ਕਿ ਬਾਬਾ ਜੀ ਵੱਲੋਂ ਲਏ ਸੁਪਨੇ ਅਤੇ ਰਹਿੰਦੇ ਅਧੂਰੇ ਕਾਰਜ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪੂਰੇ ਕੀਤੇ ਜਾਣਗੇ। ਉਹਨਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਬਾਬਾ ਜੀ ਦੇ 100ਵੇਂ ਜਨਮ ਦਿਨ ਨੂੰ ਸਮਰਪਿਤ ਮੁਫਤ ਮੈਗਾ ਮੈਡੀਕਲ ਕੈਂਪ ਨੂੰ ਕਾਮਯਾਬ ਕਰਨ ਲਈ ਇਲਾਕਾ ਨਿਵਾਸੀਆਂ ਵੱਲੋਂ ਦਿੱਤੇ ਭਰਵੇਂ ਸਹਿਯੋਗ ਲਈ ਹਾਰਦਿਕ ਧੰਨਵਾਦ ਵੀ ਕੀਤਾ।ਅੱਜ ਟਰੱਸਟ ਵੱਲੋਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਲਾਕੇ ਦੇ ਲੋੜਵੰਦਾਂ ਮਰੀਜ਼ਾਂ ਲਈ ਬਾਬਾ ਜੀ 100ਵੇਂ ਜਨਮ ਦਿਨ ਨੂੰ ਸਮਰਪਿਤ ਮੁਫਤ ਮੈਗਾ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਦਾ ਇਲਾਕੇ ਦੇ 825 ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ। ਜਿਸ ਵਿਚ ਰੀੜ੍ਹ ਦੀ ਹੱਡੀ ਤੇ ਦਿਮਾਗ ਦੀਆਂ ਬਿਮਾਰੀਆਂ ਦੇ ਅਪਰੇਸ਼ਨਾਂ ਦੇ ਮਾਹਿਰ ਡਾ. ਜਸਦੀਪ ਸਿੰਘ ਸੈਣੀ, ਸ਼ੂਗਰ, ਬੀ ਪੀ, ਗੁਰਦੇ ਤੇ ਆਮ ਸਰੀਰਿਕ ਬਿਮਾਰੀਆਂ ਦੇ ਮਾਹਿਰ ਡਾ. ਵਿਵੇਕ ਗੁੰਬਰ, ਹੱਡੀਆਂ ਤੇ ਜੋੜਾਂ ਦੀਆਂ ਬਿਮਾਰੀਆਂ ਤੇ ਅਪਰੇਸ਼ਨਾਂ ਦੇ ਮਾਹਿਰ ਡਾ. ਪਰਮਿੰਦਰ ਸਿੰਘ ਵਾਰੀਆ, ਪਿਸ਼ਾਬ ਦੇ ਰੋਗਾਂ ਤੇ ਯੂਰੋਲੋਜੀ ਦੇ ਮਾਹਿਰ ਡਾ. ਅਮਿਤ ਸੰਧੂ, ਜਨਰਲ ਸਰਜਰੀ ਅਤੇ ਲੈਪਰੋਸਕੋਪਿਕ ਸਰਜਰੀ ਦੇ ਮਾਹਿਰ ਡਾ. ਮਾਨਵਦੀਪ ਸਿੰਘ ਬੈਂਸ, ਦੰਦਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਜਗਜੀਤ ਸਿੰਘ, ਨੱਕ-ਕੰਨ-ਗਲੇ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਬਲਵਿੰਦਰ ਸਿੰਘ, ਔਰਤ ਰੋਗਾਂ ਦੇ ਅਪਰੇਸ਼ਨਾਂ ਦੇ ਮਾਹਿਰ ਡਾ ਸ਼ਵੇਤਾ ਬਗੜੀਆ, ਬੱਚਿਆਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਹਰਤੇਸ਼ ਸਿੰਘ ਪਾਹਵਾ, ਅੱਖਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ ਤੁਸ਼ਾਰ ਅਗਰਵਾਲ ਮਾਹਿਰ ਨੇ ਕੈਂਪ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੀਤਾ। ਇਸ ਕੈਂਪ ਵਿਚ ਮਰੀਜ਼ਾਂ ਦੇ ਕਾਰਡ ਮੁਫਤ ਬਣੇ ਅਤੇ ਉਹਨਾਂ ਨੂੰ ਫਰੀ ਡਾਕਟਰੀ ਸਲਾਹ ਦੇਣ ਦੇ ਨਾਲ ਨਾਲ, ਫਾਈਬਰੋ ਸਕੈਨ (ਲਿਵਰ ਦੀ ਸੈਕਨਿੰਗ), ਥਾਇਰਾਇਡ ਟੈਸਟ, ਐਚ ਬੀ ਏ 1ਸੀ ਟੈਸਟ, ਬੀ ਐਮ ਡੀ ਟੈਸਟ, ਯੂਰੋਫਲੋਮੀਟਰੀ ਟੈਸਟ, ਡਾਇਟ ਸਲਾਹ, ਸੁਣਾਈ ਵਾਲਾ ਪੀ ਟੀ ਏ ਟੈਸਟ, ਨਿਊਰੋਪੈਥੀ, ਤੋਤਲਾ ਤੇ ਘੱਟ ਬੋਲਣ ਵਾਲਿਆਂ ਲਈ ਸਪੀਚ ਥੈਰੇਪੀ ਟੈਸਟ ਮੁਫਤ ਕਰਨ ਦੇ ਨਾਲ ਬੱਚਿਆਂ ਦੇ ਟੇਢੇ ਮੇਢੇ ਦੰਦਾਂ ਦੀ ਜਾਂਚ, ਅਤੇ ਲੋੜਵੰਦ ਮਰੀਜ਼ਾਂ ਦੇ ਖਰਾਬ ਦੰਦਾਂ ਦੇ ਐਕਸਰੇ ਫਰੀ ਕੀਤੇ ਅਤੇ ਦੰਦ ਵੀ ਫਰੀ ਕੱਢੇ ਗਏ। ਇਸ ਮੌਕੇ ਗਰਭਵਤੀ ਔਰਤਾਂ ਅਲਟਰਾਸਾਊਂਡ ਸਕੈਨ ਵੀ ਮੁਫਤ ਕੀਤੀ ਗਈ। ਇਸ ਕੈਂਪ ਵਿਚ ਕੰਨਾਂ ਦੀਆਂ ਮਸ਼ੀਨਾਂ 'ਤੇ ਭਾਰੀ ਛੋਟ ਦਿੱਤੀ ਗਈ। ਮੁਫਤ ਮੈਗਾ ਮੈਡੀਕਲ ਚੈੱਕਅਪ ਕੈਂਪ ਮੌਕੇ ਨਰਿੰਦਰ ਸਿੰਘ ਸ਼ੇਰਗਿੱਲ ਕੈਨੇਡਾ ਸੀਨੀਅਰ ਟਰੱਸਟ ਮੈਂਬਰ, ਦਰਸ਼ਨ ਸਿੰਘ ਮਾਹਿਲ ਕੈਨੇਡਾ ਸੀਨੀਅਰ ਟਰੱਸਟ ਮੈਂਬਰ, ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਪ੍ਰਧਾਨ, ਦਵਿੰਦਰ ਸਿੰਘ ਢਿੱਲੋਂ ਯੂ ਐਸ ਏ, ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ, ਭਾਈ ਜੋਗਾ ਸਿੰਘ, ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ, ਮੈਡਮ ਰਮਨਦੀਪ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ, ਮੈਡਮ ਵਨੀਤਾ ਚੋਟ ਪ੍ਰਿੰਸੀਪਲ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ, ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ, ਮੈਡਮ ਦਵਿੰਦਰ ਕੌਰ ਨਰਸਿੰਗ ਸੁਪਰਡੈਂਟ, ਮੈਡਮ ਸਰਬਜੀਤ ਕੌਰ ਡੀ ਐਨ ਐਸ, ਮੈਡਮ ਦਲਜੀਤ ਕੌਰ ਪੰਨੂ, ਮੈਡਮ ਜੋਤੀ ਭਾਟੀਆ, ਪ੍ਰੇਮ ਪ੍ਰਕਾਸ਼ ਸਿੰਘ, ਕਮਲਜੀਤ ਸਿੰਘ, ਭੁਪਿੰਦਰ ਸਿੰਘ, ਰਣਜੀਤ ਸਿੰਘ ਮਾਨ, ਜੋਗਾ ਰਾਮ ਵੀ ਹਾਜ਼ਰ ਸਨ।



# ਪੰਜਾਬ ਪੁਲਿਸ ਵੱਲੋਂ ਮਹਿਲਾ ਪੁਲਿਸ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਰਾਜ-ਵਿਆਪੀ ਸਿਖਲਾਈ ਪ੍ਰੋਜੈਕਟ ਸ਼ੁਰੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਪੁਲਿਸ ਵੱਲੋਂ ਇਤਿਹਾਸਕ ਪਹਿਲਕਦਮੀ ਵਿੱਚ "ਮੇਨਸਟ੍ਰੀਮਿੰਗ ਆਫ਼ ਵੂਮਨ ਪੁਲਿਸ" ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸਦਾ ਉਦੇਸ਼ ਸੂਬੇ ਭਰ ਵਿੱਚ ਮਹਿਲਾ ਪੁਲਿਸ ਅਧਿਕਾਰੀਆਂ ਦੀ ਭੂਮਿਕਾ ਅਤੇ ਏਕੀਕਰਨ ਦਾ ਵਿਆਪਕ ਮੁਲਾਂਕਣ ਕਰਨਾ ਅਤੇ ਇਸ ਨੂੰ ਹੋਰ ਬਿਹਤਰ ਬਣਾਉਣਾ ਹੈ। ਇਹ ਪ੍ਰੋਜੈਕਟ 2 ਤੋਂ 4 ਦਸੰਬਰ, 2025 ਤੱਕ ਪੰਜਾਬ ਪੁਲਿਸ ਅਕੈਡਮੀ (ਪੀਪੀਏ), ਫਿਲੌਰ ਵਿਖੇ ਕਰਵਾਏ ਤਿੰਨ ਦਿਨਾਂ ਟ੍ਰੇਨਿੰਗ ਆਫ਼ ਟ੍ਰੇਨਰਜ਼ (ਟੀਓਟੀ) ਪ੍ਰੋਗਰਾਮ ਨਾਲ ਸ਼ੁਰੂ ਕੀਤਾ ਗਿਆ।

ਟੀਓਟੀ ਪ੍ਰੋਗਰਾਮ ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ (ਸੀਏਡੀ) ਵਿੰਗ ਦੁਆਰਾ ਹਾਰਟੇਕ ਫਾਊਂਡੇਸ਼ਨ ਦੀ ਸਾਂਝੇਦਾਰੀ ਨਾਲ ਕੀਤਾ ਗਿਆ ਸੀ। ਇਸ ਸੈਸ਼ਨ ਦੌਰਾਨ ਲਗਭਗ 60 ਮਾਸਟਰ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਗਈ, ਜਿਨ੍ਹਾਂ ਵਿੱਚ ਪੰਜਾਬ ਦੇ 13 ਜ਼ਿਲ੍ਹਿਆਂ ਤੋਂ ਚਾਰ ਸੀਨੀਅਰ ਪੁਲਿਸ ਅਧਿਕਾਰੀ ਸ਼ਾਮਲ ਸਨ। ਇਹ ਅਧਿਕਾਰੀ ਹੁਣ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸਿਖਲਾਈ ਦੇਣ ਲਈ ਜ਼ਿੰਮੇਵਾਰ ਹੋਣਗੇ।

ਸਿਖਲਾਈ ਪਾਠਕ੍ਰਮ ਵਿੱਚ ਪੁਲਿਸ ਦੀ ਸ਼ਖਸ਼ੀਅਤ ਨੂੰ ਨਿਖਾਰਨਾ, ਲਿੰਗ ਸੰਵੇਦਨਸ਼ੀਲਤਾ, ਪਛੜੇ ਵਰਗਾਂ ਨੂੰ ਨਿਆਂ ਪ੍ਰਦਾਨ ਕਰਨ ਵਿੱਚ ਪੁਲਿਸ ਦੀ ਭੂਮਿਕਾ ਅਤੇ ਰਵਾਇਤੀ ਤੌਰ 'ਤੇ ਪੁਰਸ਼-ਪ੍ਰਧਾਨ ਪੁਲਿਸ ਬਲ ਵਿੱਚ ਮਹਿਲਾ ਅਧਿਕਾਰੀਆਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਸਬੰਧੀ ਰਣਨੀਤੀਆਂ ਸ਼ਾਮਲ ਸਨ। ਪੁਲਿਸ ਵਿੱਚ ਪੇਸ਼ੇਵਰ ਤੌਰ ‘ਤੇ ਔਰਤਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਵਾਸਤੇ ਸੀਨੀਅਰ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।



ਇਸ ਪਹਿਲਕਦਮੀ ਦੀ ਮਹੱਤਤਾ ਨੂੰ ਸੰਬੋਧਨ ਕਰਦਿਆਂ ਵਿਸ਼ੇਸ਼ ਡੀਜੀਪੀ ਕਮਿਊਨਿਟੀ ਅਫੇਅਰਜ਼ ਡਿਵੀਜ਼ਨ (ਸੀਏਡੀ) ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਇਹ ਅਹਿਮ ਪ੍ਰੋਜੈਕਟ "ਮੇਨਸਟ੍ਰੀਮਿੰਗ ਆਫ਼ ਵੂਮਨ ਪੁਲਿਸ" ਪ੍ਰੋਜੈਕਟ ਦੇ ਹਿੱਸੇ ਵਜੋਂ ਚਲਾਇਆ ਜਾ ਰਿਹਾ ਹੈ ਜਿਸ ਤਹਿਤ ਭਾਰਤ ਸਰਕਾਰ ਦੇ ਮਹਿਲਾ ਹੈਲਪਡੈਸਕ ਪ੍ਰੋਜੈਕਟ ਦੇ ਦੇਸ਼ ਵਿਆਪੀ ਸਫਲਤਾ ਦੇ ਅਧਾਰ ‘ਤੇ ਇੱਕ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿੱਥੇ ਪੰਜਾਬ ਦੇ 384 ਪੁਲਿਸ ਸਟੇਸ਼ਨਾਂ ਦੇ ਹਰੇਕ ਪੁਲਿਸ ਸਟੇਸ਼ਨ ਵਿੱਚ ਦੋ-ਦੋ ਮਹਿਲਾ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਹੈ।

ਸਿਖਲਾਈ ਦੇ ਪ੍ਰਭਾਵ ਦੇ ਵਿਗਿਆਨਕ ਮੁਲਾਂਕਣ ਨੂੰ ਯਕੀਨੀ ਬਣਾਉਣ ਲਈ ਪੰਜਾਬ ਪੁਲਿਸ ਨੇ ਗੈਰ-ਸਰਕਾਰੀ ਸੰਗਠਨ ਜੇ-ਪਾਲ (ਅਬਦੁਲ ਲਤੀਫ ਜਮੀਲ ਪਾਵਰਟੀ ਐਕਸ਼ਨ ਲੈਬ) ਨਾਲ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕੀਤੇ ਹਨ, ਜੋ ਕਿ ਰੈਂਡਮਾਈਜ਼ਡ ਕੰਟਰੋਲਡ ਟ੍ਰਾਇਲ (ਆਰਸੀਟੀ) ਰਾਹੀਂ ਨੀਤੀ ਵਿਸ਼ਲੇਸ਼ਣ ਵਿੱਚ ਮਾਹਰ ਹੈ।

ਇਸ ਪ੍ਰੋਜੈਕਟ ਤਹਿਤ ਸੂਬੇ ਦੇ 288 ਪੁਲਿਸ ਸਟੇਸ਼ਨ ਇੱਕ ਰਾਜ ਵਿਆਪੀ ਸਿਖਲਾਈ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ, ਜਿਸ ਵਿੱਚ ਪੀਪੀਏ, ਫਿਲੌਰ ਅਤੇ ਇੱਕ ਐਨਜੀਓ ਹਾਰਟੇਕ ਫਾਊਂਡੇਸ਼ਨ ਦੀ ਭਾਈਵਾਲੀ ਵਿੱਚ ਸੀਏਡੀ ਵਿੰਗ ਦੁਆਰਾ ਸਿਖਲਾਈ ਪ੍ਰਾਪਤ ਲਗਭਗ 100-120 ਮਾਸਟਰ ਟ੍ਰੇਨਰ ਸੂਬੇ ਭਰ ਦੇ ਸਾਰੇ 288 ਪੁਲਿਸ ਸਟੇਸ਼ਨਾਂ ਵਿੱਚ ਸਿਖਲਾਈ ਦੇਣਗੇ। ਇਸ ਵਿੱਚ ਸਮਾਜ ਵਿੱਚ ਔਰਤਾਂ ਦੀ ਭੂਮਿਕਾ, ਪੁਲਿਸ ਬਲ ਵਿੱਚ ਮਹਿਲਾਵਾਂ ਦੀ ਘੱਟ ਗਿਣਤੀ, ਲਿੰਗਕ ਰੂੜ੍ਹੀਵਾਦੀ ਧਾਰਨਾਵਾਂ ਅਤੇ ਪੁਲਿਸਿੰਗ ਸਬ-ਕਲਚਰ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਪੁਲਿਸਿੰਗ ਸਬ-ਕਲਚਰ ਤਹਿਤ ਕਾਨੂੰਨ ਅਤੇ ਵਿਵਸਥਾ ਦੇ ਸੁਚੱਜੇ ਲਾਗੂਕਰਨ, ਅਪਰਾਧ ਬਾਰੇ ਜਾਣਕਾਰੀ ਅਤੇ ਇਸਦੀ ਰੋਕਥਾਮ, ਗੈਂਗਸਟਰਾਂ ਅਤੇ ਨਸ਼ੀਲੇ ਪਦਾਰਥਾਂ ਦੇ ਡੀਲਰਾਂ ਨਾਲ ਨਜਿੱਠਣਾ, ਅੱਤਵਾਦ ਆਦਿ ਵਰਗੇ ਮੁੱਖ ਪੁਲਿਸਿੰਗ ਖੇਤਰਾਂ 'ਤੇ ਕੇਂਦ੍ਰਿਤ ਕੀਤਾ ਗਿਆ ਹੈ, ਜਦੋਂ ਕਿ ਤੁਲਨਾਤਮਕ ਤੌਰ 'ਤੇ ਪੁਲਿਸ ਦੇ ਦਖਲ ਦੀ ਲੋੜ ਵਾਲੇ ਹੋਰ ਮਹੱਤਵਪੂਰਨ ਉੱਭਰ ਰਹੇ ਖੇਤਰਾਂ ਜਿਵੇਂ ਕਿ ਸਾਈਬਰ-ਅਪਰਾਧ, ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਵਿਰੁੱਧ ਅਪਰਾਧ, ਟ੍ਰੈਫਿਕ ਸਬੰਧੀ ਮੁੱਦੇ, ਪੁਲਿਸ ਪ੍ਰਤੀਕਿਰਿਆ ਅਤੇ ਵਿਵਹਾਰ ਅਤੇ ਪੁਲਿਸ ਦੀ ਸਖਸ਼ੀਅਤ 'ਤੇ ਘੱਟ ਜ਼ੋਰ ਦਿੱਤਾ ਗਿਆ ਹੈ।

ਸੂਬੇ ਦੇ ਲਗਭਗ 96 ਪੁਲਿਸ ਸਟੇਸ਼ਨਾਂ ਨੂੰ ਕੋਈ ਸਿਖਲਾਈ ਨਹੀਂ ਦਿੱਤੀ ਜਾਵੇਗੀ ਅਤੇ ਉਹ ਕੰਟਰੋਲ ਪੁਲਿਸ ਸਟੇਸ਼ਨ ਵਜੋਂ ਭੂਮਿਕਾ ਨਿਭਾਉਣਗੇ। ਇਸ ਪ੍ਰੋਜੈਕਟ ਲਈ ਚੁਣੇ ਗਏ 120 ਮਾਸਟਰ ਟਰੇਨਰਾਂ ਨੂੰ ਫਰਵਰੀ, 2026 ਵਿੱਚ ਆਧੁਨਿਕ ਜਾਣਕਾਰੀ ਨਾਲ ਸਿੱਖਿਅਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਮਾਸਟਰ ਟਰੇਨਰ ਆਪੋ-ਆਪਣੇ ਜ਼ਿਲ੍ਹਿਆਂ ਦੇ ਪੁਲਿਸ ਸਟੇਸ਼ਨਾਂ ਵਿੱਚ ਚੁਣੇ ਗਏ ਪੁਲਿਸ ਅਧਿਕਾਰੀਆਂ ਨੂੰ ਮਾਰਚ ਤੋਂ ਜੂਨ, 2026 ਤੱਕ ਤਿੰਨ ਪੜਾਵਾਂ ਵਿੱਚ ਸਿਖਲਾਈ ਦੇਣਗੇ।

ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ ਪੁਲਿਸ ਸਟੇਸ਼ਨਾਂ ਵਿੱਚ ਸਿਖਲਾਈ ਸ਼ੁਰੂ ਹੋਣ ਤੋਂ ਪਹਿਲਾਂ, ਜੇ-ਪਾਲ ਵੱਲੋਂ ਸਾਰੇ 288 ਪੁਲਿਸ ਸਟੇਸ਼ਨਾਂ ਵਿੱਚ ਮਹਿਲਾ ਪੁਲਿਸ ਮੁਲਾਜ਼ਮਾਂ ਪ੍ਰਤੀ ਦੂਜੇ ਪੁਲਿਸ ਕਰਮੀਆਂ ਦੇ ਵਿਚਾਰਾਂ, ਧਾਰਨਾਵਾਂ ਅਤੇ ਲਿੰਗ ਸੰਵੇਦਨਸ਼ੀਲਤਾ ਬਾਰੇ ਬੇਸਲਾਈਨ ਸਰਵੇਖਣ ਕੀਤਾ ਜਾਵੇਗਾ। ਜ਼ਿਲ੍ਹਾ ਸਿਖਲਾਈ ਦੇ ਅੰਤ ਵਿੱਚ, ਜੇ-ਪਾਲ ਪਹਿਲਾਂ ਬੇਸਲਾਈਨ ਸਰਵੇਖਣ ਵਿੱਚ ਸ਼ਾਮਲ ਪੁਲਿਸ ਰਿਸਪਾਂਡੈਂਟਾਂ ਅਤੇ ਨਾਗਰਿਕਾਂ ਦਾ ਇੱਕ ਹੋਰ ਸਿੱਟਾਪੂਰਨ ਸਰਵੇਖਣ ਕਰੇਗਾ ਤਾਂ ਜੋ ਅੰਤ ਵਿੱਚ ਲਿੰਗ ਅਧਾਰਤ ਮਾਨਤਾਵਾਂ ਅਤੇ ਮਹਿਲਾ ਅਧਿਕਾਰੀਆਂ ਦੀ ਪੁਲਿਸ ਵਿੱਚ ਭੂਮਿਕਾ ਬਾਰੇ ਪੁਲਿਸ ਅਧਿਕਾਰੀਆਂ ਦਾ ਨਜ਼ਰੀਆ ਬਦਲਣ ਲਈ ਸਹੀ ਸਿੱਟੇ ਕੱਢੇ ਜਾ ਸਕਣ।

ਬਾਕੀ 15 ਜ਼ਿਲ੍ਹਿਆਂ ਦੇ ਮਾਸਟਰ ਟਰੇਨਰਾਂ ਲਈ ਦੂਜਾ ਟੀ.ਓ.ਟੀ. ਸੈਸ਼ਨ 22 ਤੋਂ 24 ਦਸੰਬਰ, 2025 ਨੂੰ ਪੀ.ਪੀ.ਏ. ਫਿਲੌਰ ਵਿਖੇ ਰੱਖਿਆ ਗਿਆ ਹੈ। ਇਸ ਪ੍ਰੋਜੈਕਟ ਦਾ ਉਦੇਸ਼ 2000 ਤੋਂ ਵੱਧ ਪੁਲਿਸ ਅਧਿਕਾਰੀਆਂ ਨੂੰ ਸਿੱਧੇ ਤੌਰ ’ਤੇ ਸਿਖਲਾਈ ਦੇਣਾ ਹੈ ਤਾਂ ਜੋ ਪੰਜਾਬ ਵਿੱਚ ਹੋਰ ਬਿਹਤਰ ਅਤੇ ਪ੍ਰਭਾਵੀ ਪੁਲਿਸਿੰਗ ਵਾਤਾਵਰਣ ਸਿਰਜਣ ਲਈ ਸੰਸਥਾਗਤ ਸਮਰੱਥਾ ਦਾ ਨਿਰਮਾਣ ਕੀਤਾ ਜਾ ਸਕੇ।




Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੈਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਕੂੜਾ ਸਾੜਨ ਖ਼ਿਲਾਫ਼ ਕਾਰਵਾਈ ਜਾਰੀ

## ਅੰਮ੍ਰਿਤਸਰ ਜ਼ਿਲ੍ਹੇ ਵਿੱਚ ਚਲਾਈ ਗਈ ਜਾਗਰੂਕਤਾ ਮੁਹਿੰਮ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਲੋਕ ਸਿਹਤ ਦੀ ਰੱਖਿਆ ਅਤੇ ਸਾਫ਼ ਹਵਾ ਯਕੀਨੀ ਬਣਾਉਣ ਲਈ ਆਪਣੇ ਮਜ਼ਬੂਤ ਵਚਨਬੱਧਤਾ ਨੂੰ ਮੁੜ ਦੁਹਰਾਉਦੇਂ ਹੋਏ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਜ਼ਿਲ੍ਹੇ ਵਿੱਚ ਮਿਊਂਸਿਪਲ ਠੋਸ ਕੂੜੇ ਨੂੰ ਖੁੱਲ੍ਹੇ ਵਿੱਚ ਸਾੜਨ ਖ਼ਿਲਾਫ਼ ਆਪਣੀ ਵਿਸ਼ੇਸ਼ ਲਾਗੂਕਰਨ ਅਤੇ ਜਾਗਰੂਕਤਾ ਮੁਹਿੰਮ ਜਾਰੀ ਰੱਖੀ ਹੈ।

ਨਗਰ ਪੰਚਾਇਤ ਰਾਜਾਸੰਸੀ ਅਤੇ ਨਗਰ ਪੰਚਾਇਤ ਅਜਨਾਲਾ ਵਿੱਚ ਕੀਤੀਆਂ ਗਈਆਂ ਗਤੀਵਿਧੀਆਂ ਤੋਂ ਬਾਅਦ, ਰੀਜਨਲ ਦਫ਼ਤਰ ਅੰਮ੍ਰਿਤਸਰ ਨੇ ਅੱਜ ਇਹ ਮੁਹਿੰਮ ਹੋਰ ਵਧਾਉਂਦਿਆਂ ਹੇਠ ਮਿਊਂਸਿਪਲ ਕੌਂਸਲ ਜੰਡਿਆਲਾ ਗੁਰੂ, ਨਗਰ ਪੰਚਾਇਤ ਰਈਆ ਅਤੇ ਨਗਰ ਪੰਚਾਇਤ ਬਾਬਾ ਬਕਾਲਾ ਸਾਹਿਬ ਵਿਖੇ ਪ੍ਰੋਗਰਾਮ ਆਯੋਜਿਤ ਕੀਤੇ ਗਏ ।



ਇਨ੍ਹਾਂ ਪ੍ਰੋਗਰਾਮਾਂ ਦੌਰਾਨ, ਸਹਾਇਕ ਵਾਤਾਵਰਣ ਇੰਜੀਨੀਅਰ ਸੁਖਮਨੀ ਸਿੰਘ ਨੇ ਸਫਾਈ ਟੀਮਾਂ ਨਾਲ ਸਿੱਧੀ ਗੱਲਬਾਤ ਕਰਦਿਆਂ ਕੂੜਾ ਸਾੜਨ ਨਾਲ ਪੈਦਾ ਹੋਣ ਵਾਲੇ ਗੰਭੀਰ ਵਾਤਾਵਰਣ ਅਤੇ ਸਿਹਤ ਸੰਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕੂੜਾ ਸਾੜਨ ਪ੍ਰਤੀ ਜ਼ੀਰੋ ਟੋਲਰੈਂਸ ਦੀ ਨੀਤੀ 'ਤੇ ਜ਼ੋਰ ਦਿੱਤਾ ਅਤੇ ਸ਼ੋਲਿਦ ਂਓਸਟਏ ਂਓਨਓਗਏਮਏਨਟ੍ਰ ਲਏਸ, 2016 ਦੀ ਸਖ਼ਤ ਪਾਲਣਾ ਜਿਸ ਵਿੱਚ ਕੂੜੇ ਦੀ ਵੱਖਰਾ-ਵੱਖਰਾ ਛਾਂਟ, ਡੋਰ-ਟੂ-ਡੋਰ ਕਲੇਕਸ਼ਨ ਅਤੇ ਵਿਗਿਆਨਕ ਤਰੀਕੇ ਨਾਲ ਨਿਪਟਾਰਾ ਸ਼ਾਮਲ ਹੈ ਦੀ ਲੋੜ ਉਤੇ ਚਰਚਾ ਕੀਤੀ। ਇਸ ਮੁਹਿੰਮ ਵਿਚ ਮਿਊਂਸਿਪਲ ਕੌਂਸਲ ਜੰਡਿਆਲਾ ਗੁਰੂ ਦੇ ਸੁਪਰਿਨਟੈਂਡੈਂਟ ਸੈਨਿਟੇਸ਼ਨ, ਕਮਿਊਨਿਟੀ ਫੈਸਿਲੀਟੇਟਰ, 2 ਕਮਿਊਨਿਟੀ ਮੋਟੀਵੇਟਰ ਅਤੇ 56 ਸਫਾਈ ਸੇਵਕਾਂ ਨੇ ਨਗਰ ਪੰਚਾਇਤ਼ ਰਈਆ ਦੇ ਸੈਨਿਟਰੀ ਇੰਸਪੈਕਟਰ, ਕਮਿਊਨਿਟੀ ਫੈਸਿਲੀਟੇਟਰ, ਕਮਿਊਨਿਟੀ ਮੋਟੀਵੇਟਰ ਅਤੇ 34 ਸਫਾਈ ਸੇਵਕ ਮੌਜੂਦ ਰਹੇ। ਇਸ ਤੋ ਇਲਾਵਾ ਨਗਰ ਪੰਚਾਇਤ ਬਾਬਾ ਬਕਾਲਾ ਸਾਹਿਬ ਸੈਨਿਟਰੀ ਇੰਸਪੈਕਟਰ, ਕਮਿਊਨਿਟੀ ਫੈਸਿਲੀਟੇਟਰ, ਕਮਿਊਨਿਟੀ ਮੋਟੀਵੇਟਰ ਅਤੇ 20 ਸਫਾਈ ਸੇਵਕ ਹਾਜ਼ਰ ਰਹੇ।

ਸਭ ਭਾਗੀਦਾਰਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਕੂੜਾ ਸਾੜਨ ਨੂੰ ਪੂਰੀ ਤਰ੍ਹਾਂ ਰੋਕਣ ਲਈ ਇਕੱਠੇ ਹੋ ਕੇ ਸਹੁੰ ਲਈ। ਸਬੰਧਤ ਸੁਪਰਿਨਟੈਂਡੈਂਟਾਂ ਅਤੇ ਸੈਨਿਟਰੀ ਇੰਸਪੈਕਟਰਾਂ ਨੇ ਬੋਰਡ ਦੇ ਹੁਕਮਾਂ ਦੀ ਪੂਰੀ ਤਰ੍ਹਾਂ ਪਾਲਣਾ ਅਤੇ ਕੜੀ ਕਾਰਵਾਈ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ। ਪੀ.ਪੀ.ਸੀ.ਬੀ ਨੇ ਦੁਹਰਾਇਆ ਕਿ ਸਖ਼ਤ ਮਾਨੀਟਰਿੰਗ, ਅਚਾਨਕ ਜਾਂਚਾਂ ਅਤੇ ਸਮੇਂ ਸਿਰ ਲਾਗੂਕਰਨ ਕਾਰਵਾਈ ਜਾਰੀ ਰਹੇਗੀ, ਤਾਂ ਜੋ ਕੂੜਾ ਸਾੜਨ ਨਾਲ ਸੰਬੰਧਿਤ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਨਿਪਟਾਰਾ ਕੀਤਾ ਜਾ ਸਕੇ ਅਤੇ ਨਾਗਰਿਕਾਂ ਨੂੰ ਸਾਫ਼ ਅਤੇ ਸਿਹਤਮੰਦ ਵਾਤਾਵਰਣ ਮਿਲ ਸਕੇ।

# ਪੰਜਾਬ ਦੇ ਪੰਜ ਹਜ਼ਾਰ ਸਕੂਲਾਂ ਵਿੱਚ ਬਣਾਏ ਜਾਣਗੇ ਪੌਸ਼ਟਿਕ ਬਗੀਚੇ: ਬੀ.ਐਮ. ਸ਼ਰਮਾ

## ਪਾਈਟੇਕਸ 'ਚ ਖੇਤੀਬਾੜੀ, ਪੋਸ਼ਣ ਅਤੇ ਤੰਦਰੁਸਤੀ ਤਾਲਮੇਲ ਵਿਸ਼ੇ 'ਤੇ ਸੰਮੇਲਨ ਦਾ ਆਯੋਜਨ

ਅੰਮ੍ਰਿਤਸਰ
ਧੈਰਿਆ ਮਹਿਰਾ

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਚੇਅਰਮੈਨ ਬੀ.ਐਮ. ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਕੂਲੀ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਸੂਬੇ ਦੇ 5,073 ਸਕੂਲਾਂ ਵਿੱਚ ਪੌਸ਼ਟਿਕ ਬਾਗ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ। ਇਸ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ। ਸ਼ਰਮਾ ਅੱਜ ਪੀਐਚਡੀ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਵੱਲੋਂ ਆਯੋਜਿਤ ਕੀਤੇ ਜਾ ਰਹੇ 19ਵੇਂ ਪੰਜਾਬ ਇੰਟਰਨੈਸ਼ਨਲ ਟ੍ਰੇਡ ਐਕਸਪੋ ਦੌਰਾਨ 'ਖੇਤੀਬਾੜੀ, ਪੋਸ਼ਣ ਅਤੇ ਤੰਦਰੁਸਤੀ ਨੂੰ ਜੋੜਨਾ' ਵਿਸ਼ੇ 'ਤੇ ਆਯੋਜਿਤ ਸੰਮੇਲਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਅਨਾਜ ਭੰਡਾਰਾਂ ਦੀ ਕੋਈ ਕਮੀ ਨਹੀਂ ਹੈ, ਪਰ ਪੰਜਾਬ ਦੇ ਵਸਨੀਕਾਂ ਨੂੰ ਕੁਆਲਿਟੀ ਫੂਡ ਪ੍ਰਦਾਨ ਕਰਨਾ ਵੱਡੀ ਚੁਣੌਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿੱਥੇ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਅਪਣਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਉੱਥੇ ਬੱਚਿਆਂ ਨੂੰ ਬਿਹਤਰ ਭਵਿੱਖ ਪ੍ਰਦਾਨ ਕਰਨ ਲਈ, ਉਨ੍ਹਾਂ ਸਕੂਲਾਂ ਨੂੰ ਚੁਣਿਆ ਗਿਆ ਹੈ ਜਿੱਥੇ ਖਾਲੀ ਜ਼ਮੀਨਾਂ ਪਈਆਂ ਹਨ।

ਇਸਦੇ ਲਈ ਅਧਿਆਪਕਾਂ ਨੂੰ ਟ੍ਰੇਨਿੰਗ ਦੇ ਕੇ ਹਰਬਲ ਗਾਰਡਨ, ਫਰੂਟ ਗਾਰਡਨ ਅਤੇ ਵੈਜੀਟੇਬਲ ਗਾਰਡਨ ਵਿਕਸਤ ਕੀਤੇ ਜਾ ਰਹੇ ਹਨ। ਇਹ ਫਲ ਅਤੇ ਸਬਜ਼ੀਆਂ ਬੱਚਿਆਂ ਦੇ ਮਿਡ-ਡੇਅ ਮੀਲ ਦਾ ਹਿੱਸਾ ਬਣ ਜਾਣਗੀਆਂ, ਇਹ ਯਕੀਨੀ ਬਣਾਉਣਗੀਆਂ ਕਿ ਉਨ੍ਹਾਂ ਨੂੰ ਸਕੂਲ ਪੱਧਰ 'ਤੇ ਕੁਆਲਿਟੀ ਫੂਡ ਪ੍ਰਦਾਨ ਕੀਤਾ ਜਾ ਸਕੇ। ਸ਼ਰਮਾ ਨੇ ਦੱਸਿਆ ਕਿ ਰਾਜ ਦੇ ਕਈ ਸਕੂਲਾਂ ਦੀ ਪਛਾਣ ਤਿੰਨ ਤੋਂ ਚਾਰ ਏਕੜ ਵਾਧੂ ਜ਼ਮੀਨ ਨਾਲ ਕੀਤੀ ਗਈ ਹੈ। ਹੁਣ, ਖੇਤੀਬਾੜੀ ਵਿਭਾਗ, ਬਾਗਬਾਨੀ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ, ਇਸ ਜ਼ਮੀਨ 'ਤੇ ਪੌਸ਼ਟਿਕ ਬਗੀਚੇ ਵਿਕਸਤ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ 1,100 ਅਜਿਹੇ ਆਂਗਣਵਾੜੀ ਕੇਂਦਰ ਹਨ ਜਿੱਥੇ ਵਾਧੂ ਜ਼ਮੀਨ 'ਤੇ ਪੌਸ਼ਟਿਕ ਬਗੀਚੇ ਬਣਾਏ ਜਾਣਗੇ।




ਇਸ ਤੋਂ ਪਹਿਲਾਂ, ਪੀਐਚਡੀਸੀਸੀਆਈ ਦੀ ਫਾਰਮਾਸਿਊਟੀਕਲ, ਹੈਲਥ ਐਂਡ ਵੈਲਨੈੱਸ ਕਮੇਟੀ ਦੇ ਕੋਆਰਡੀਨੇਟਰ ਸੁਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਦੀ ਬਦਲਦੀ ਜੀਵਨ ਸ਼ੈਲੀ ਵਿੱਚ, ਸਾਨੂੰ ਆਪਣੀ ਖੁਰਾਕ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਭੋਜਨ ਵਿੱਚ 20 ਫੀਸਦੀ ਸੁਆਦ ਅਤੇ 80 ਫੀਸਦੀ ਪੋਸ਼ਣ ਹੋਣਾ ਚਾਹੀਦਾ ਹੈ। ਗ੍ਰਾਫਿਕਸ ਏਰਾ ਯੂਨੀਵਰਸਿਟੀ ਦੇ ਵੀ. ਸੀ ਡਾ. ਨਰਪਿੰਦਰ ਸਿੰਘ ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਪੌਸ਼ਟਿਕ ਭੋਜਨ ਬਾਰੇ ਜਾਗਰੂਕਤਾ ਫੈਲਾਉਣਾ ਹੈ। ਪ੍ਰੋਗਰਾਮ ਦੇ ਅੰਤ ਵਿੱਚ, ਪੀਐਚਡੀਸੀਸੀਆਈ ਆਯੁਰਵੇਦ ਅਤੇ ਯੂਨਾਨੀ ਫਾਰਮਾ ਕਮੇਟੀ ਦੇ ਕੋਆਰਡੀਨੇਟਰ ਡਾ. ਵਿਭਾ ਬਾਵਾ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਏਪੀਈਡੀਏ ਦੇ ਖੇਤਰੀ ਇੰਚਾਰਜ ਹਰਪ੍ਰੀਤ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਡਾ. ਸਿਧਾਂਤ ਬਨੂਰਾ, ਅੰਮ੍ਰਿਤਸਰ ਖੇਤੀਬਾੜੀ ਵਿਭਾਗ ਦੇ ਮੁੱਖ ਖੇਤੀਬਾੜੀ ਅਧਿਕਾਰੀ ਡਾ. ਗੁਰਸਾਹਿਬ ਸਿੰਘ, ਖੇਤੀਬਾੜੀ ਵਿਭਾਗ ਦੇ ਸੰਯੁਕਤ ਨਿਰਦੇਸ਼ਕ ਜਗਮੋਹਨ ਸਿੰਘ ਨਾਗੀ, ਰਾਕੇਸ਼ ਠੁਕਰਾਲ, ਫੂਡ ਕਮਿਸ਼ਨ ਦੇ ਮੈਂਬਰ ਵਿਕਾਸ ਦੱਤ ਜੁਨੇਜਾ ਸਮੇਤ ਕਈ ਹੋਰ ਪਤਵੰਤੇ ਮੌਜੂਦ ਸਨ।

# ਕੀ ਹੁਣ ਪਾਨ-ਤੰਬਾਕੂ ਵੇਚਣ ਵਾਲੇ ਕਰਨਗੇ ਦੇਸ਼ ਦੀ ਸੁਰੱਖਿਆ? ਮਲਵਿੰਦਰ ਸਿੰਘ ਕੰਗ ਦਾ ਭਾਜਪਾ 'ਤੇ ਤੰਜ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਸੰਸਦ ਵਿੱਚ 'ਹੈਲਥ ਸਿਕਿਓਰਿਟੀ ਅਤੇ ਨੈਸ਼ਨਲ ਸਿਕਿਓਰਿਟੀ ਸੈੱਸ ਬਿੱਲ 2025' 'ਤੇ ਚਰਚਾ ਦੌਰਾਨ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਹੈ। ਕੰਗ ਨੇ ਬਿੱਲ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰ ਪਾਨ ਮਸਾਲਾ ਅਤੇ ਤੰਬਾਕੂ ਵਰਗੀਆਂ ਹਾਨੀਕਾਰਕ ਚੀਜ਼ਾਂ ਨੂੰ 'ਰਾਸ਼ਟਰੀ ਸੁਰੱਖਿਆ' ਨਾਲ ਜੋੜ ਕੇ ਦੇਸ਼ ਨਾਲ ਭੱਦਾ ਮਜ਼ਾਕ ਕਰ ਰਹੀ ਹੈ। ਉਨ੍ਹਾਂ ਨੇ ਤੰਜ ਕੱਸਦਿਆਂ ਕਿਹਾ ਕਿ ਹੁਣ ਤੱਕ ਅਸੀਂ ਸੋਚਦੇ ਸੀ ਕਿ ਦੇਸ਼ ਦੀ ਸੁਰੱਖਿਆ ਸਾਡੀ ਬਹਾਦਰ ਫੌਜ ਕਰਦੀ ਹੈ, ਪਰ ਇਸ ਬਿੱਲ ਤੋਂ ਬਾਅਦ ਤਾਂ ਪਾਨ ਅਤੇ ਤੰਬਾਕੂ ਵੇਚਣ ਵਾਲੇ ਦਾਅਵਾ ਕਰਨਗੇ ਕਿ ਦੇਸ਼ ਦੀ ਸੁਰੱਖਿਆ ਉਹ ਕਰ ਰਹੇ ਹਨ।

**ਫੌਜ ਦੀ ਬਹਾਦਰੀ ਦਾ ਅਪਮਾਨ ਹੈ ਤੰਬਾਕੂ ਨੂੰ ਸੁਰੱਖਿਆ ਨਾਲ ਜੋੜਨਾ**

ਸੰਸਦ ਮੈਂਬਰ ਕੰਗ ਨੇ ਸੰਸਦ ਵਿੱਚ ਗਰਜਦਿਆਂ ਕਿਹਾ ਕਿ ਇਹ ਬੇਹੱਦ ਹਾਸੋਹੀਣਾ ਅਤੇ ਵਿਰੋਧਾਭਾਸ ਨਾਲ ਭਰਿਆ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਸੁਰੱਖਿਆ ਸਾਡੀ ਮਹਾਨ ਭਾਰਤੀ ਫੌਜ ਕਰਦੀ ਹੈ, ਪਰ ਸਰਕਾਰ ਅਜਿਹਾ ਬਿੱਲ ਲਿਆ ਕੇ ਇਹ ਸੰਦੇਸ਼ ਦੇ ਰਹੀ ਹੈ ਕਿ ਪਾਨ-ਮਸਾਲੇ 'ਤੇ ਟੈਕਸ ਦੇਣ ਵਾਲਾ ਵਿਅਕਤੀ ਦੇਸ਼ ਨੂੰ ਸੁਰੱਖਿਅਤ ਕਰ ਰਿਹਾ ਹੈ। ਕੱਲ੍ਹ ਨੂੰ ਪਾਨ ਦੀ ਦੁਕਾਨ ਵਾਲਾ ਕਹੇਗਾ ਕਿ ਮੈਂ ਟੈਕਸ ਦੇ ਰਿਹਾ ਹਾਂ, ਇਸ ਲਈ ਬਾਰਡਰ ਸੁਰੱਖਿਅਤ ਹੈ। ਕੰਗ ਨੇ ਕਿਹਾ ਕਿ ਸਿਹਤ ਦੀ ਸੁਰੱਖਿਆ ਚੰਗੇ ਖੇਡ ਢਾਂਚੇ ਅਤੇ ਚੰਗੀ ਖੁਰਾਕ ਨਾਲ ਹੁੰਦੀ ਹੈ, ਨਾ ਕਿ ਤੰਬਾਕੂ ਨਾਲ, ਜਿਸ ਨੂੰ ਹਰ ਥਾਂ ਸਿਹਤ ਲਈ ਖਤਰਨਾਕ ਦੱਸਿਆ ਗਿਆ ਹੈ। ਉਨ੍ਹਾਂ ਸਿੱਖ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਘੋੜਾ ਵੀ ਤੰਬਾਕੂ ਦੇ ਖੇਤ ਨੂੰ ਦੇਖ ਕੇ ਰੁਕ ਗਿਆ ਸੀ, ਸਿੱਖ ਧਰਮ ਵਿੱਚ ਇਸ ਨੂੰ ਇੰਨਾ ਮਾੜਾ ਮੰਨਿਆ ਜਾਂਦਾ ਹੈ, ਪਰ ਸਰਕਾਰ ਇਸ ਦੀ ਵਡਿਆਈ ਕਰ ਰਹੀ ਹੈ।

**ਗੁਜਰਾਤ ਦੇ ਮੁੰਦਰਾ ਪੋਰਟ ਅਤੇ ਪੰਜਾਬ ਬਾਰਡਰ 'ਤੇ ਚੁੱਕੇ ਸਵਾਲ**

ਮਲਵਿੰਦਰ ਸਿੰਘ ਕੰਗ ਨੇ ਭਾਜਪਾ ਦੇ ਗੁਜਰਾਤ ਮਾਡਲ ਨੂੰ ਵੀ ਆੜੇ ਹੱਥੀਂ ਲਿਆ। ਉਨ੍ਹਾਂ ਕਿਹਾ ਕਿ ਗੁਜਰਾਤ ਦੇ ਮੁੰਦਰਾ ਪੋਰਟ ਤੋਂ ਹਜ਼ਾਰਾਂ ਕਰੋੜ ਰੁਪਏ ਦੀ ਨਸ਼ੇ ਦੀ ਖੇਪ ਫੜੀ ਜਾਂਦੀ ਹੈ ਜੋ ਪੂਰੇ ਦੇਸ਼ ਵਿੱਚ ਫੈਲ ਰਹੀ ਹੈ, ਸਰਕਾਰ ਉਨ੍ਹਾਂ ਵੱਡੇ ਮਗਰਮੱਛਾਂ 'ਤੇ ਕੀ ਕਾਰਵਾਈ ਕਰ ਰਹੀ ਹੈ? ਉਨ੍ਹਾਂ ਪੰਜਾਬ ਦਾ ਮੁੱਦਾ ਚੁੱਕਦਿਆਂ ਕਿਹਾ ਕਿ ਸਾਡਾ ਪਾਕਿਸਤਾਨ ਨਾਲ 750 ਕਿਲੋਮੀਟਰ ਲੰਬਾ ਬਾਰਡਰ ਲੱਗਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਵਾਰ-ਵਾਰ ਇਸ ਦੇ ਆਧੁਨਿਕੀਕਰਨ ਦੀ ਮੰਗ ਕਰਦੇ ਹਨ। ਕੰਗ ਨੇ ਪੁੱਛਿਆ ਕਿ ਕੀ ਇਸ ਸੈੱਸ ਤੋਂ ਇਕੱਠਾ ਹੋਇਆ ਪੈਸਾ ਪੰਜਾਬ ਦੇ ਬਾਰਡਰ ਨੂੰ ਸੁਰੱਖਿਅਤ ਕਰਨ ਵਿੱਚ ਲਗਾਇਆ ਜਾਵੇਗਾ? ਉਨ੍ਹਾਂ ਨੇ ਬਿੱਲ ਵਿੱਚ ਉਸ ਕਲਾਜ਼ 'ਤੇ ਵੀ ਇਤਰਾਜ਼ ਜਤਾਇਆ ਜਿਸ ਵਿੱਚ ਕਿਹਾ ਗਿਆ ਹੈ ਕਿ ਕੀਮਤਾਂ 'ਤੇ ਜ਼ਿਆਦਾ ਅਸਰ ਨਹੀਂ ਪਵੇਗਾ। ਕੰਗ ਨੇ ਕਿਹਾ ਕਿ ਕੀ ਸਰਕਾਰ ਚਾਹੁੰਦੀ ਹੈ ਕਿ ਲੋਕ ਸਸਤਾ ਨਸ਼ਾ ਕਰਨ ਅਤੇ ਪਾਨ ਮਸਾਲੇ ਦਾ ਕਾਰੋਬਾਰ ਹੋਰ ਵਧੇ?

**ਸੂਬਿਆਂ ਦੇ ਹੱਕ ਅਤੇ ਬੁਨਿਆਦੀ ਢਾਂਚੇ 'ਤੇ ਦਿੱਤਾ ਜ਼ੋਰ**

ਕੰਗ ਨੇ ਅੰਤ ਵਿੱਚ ਕਿਹਾ ਕਿ ਸਰਕਾਰ ਜੀਐਸਟੀ ਅਤੇ ਹੋਰ ਸਾਧਨਾਂ ਰਾਹੀਂ ਟੈਕਸ ਦਾ ਕੇਂਦਰੀਕਰਨ ਕਰ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਸੈੱਸ ਤੋਂ ਇਕੱਠੇ ਹੋਣ ਵਾਲੇ ਪੈਸੇ ਵਿੱਚ ਸੂਬਿਆਂ ਦਾ ਹਿੱਸਾ ਸਪੱਸ਼ਟ ਕੀਤਾ ਜਾਵੇ। ਕੰਗ ਨੇ ਨਸੀਹਤ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਸਿਹਤ ਅਤੇ ਰਾਸ਼ਟਰੀ ਸੁਰੱਖਿਆ ਚਾਹੁੰਦੀ ਹੈ ਤਾਂ ਉਸਨੂੰ ਖੇਡ ਢਾਂਚੇ ਅਤੇ ਲੋਕਾਂ ਦੇ ਖਾਣ-ਪੀਣ ਨੂੰ ਬਿਹਤਰ ਕਰਨ 'ਤੇ ਧਿਆਨ ਦੇਣਾ ਚਾਹੀਦਾ ਹੈ, ਨਾ ਕਿ ਤੰਬਾਕੂ ਅਤੇ ਪਾਨ ਮਸਾਲੇ ਵਰਗੀਆਂ ਚੀਜ਼ਾਂ ਦੀ ਵਡਿਆਈ ਕਰਕੇ ਉਨ੍ਹਾਂ ਨਾਲ ਦੇਸ਼ ਦੀ ਸੁਰੱਖਿਆ ਦਾ ਢੌਂਗ ਰਚਨਾ ਚਾਹੀਦਾ ਹੈ। ਸਰਕਾਰ ਨੂੰ ਇਸ ਬਿੱਲ 'ਤੇ ਮੁੜ ਵਿਚਾਰ ਕਰਨ ਦੀ ਲੋੜ ਹੈ।




ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

GHUMAN LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ





**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205



ਬਰਜਿੰਦਰ ਕੌਰ ਬਿਸਰਾਓ
99889-01324

# ਰੁਤਬਿਆਂ ਦਾ ਰਿਸ਼ਤਿਆਂ ਉੱਤੇ ਪ੍ਰਭਾਵ


ਰਿਸ਼ਤਿਆਂ ਅਤੇ ਰੁਤਬਿਆਂ ਦਾ ਆਪਸ ਵਿੱਚ ਇੱਕ ਗਹਿਰਾ ਸਬੰਧ ਹੈ। ਸਾਡੇ ਸਮਾਜ ਵਿੱਚ ਰਿਸ਼ਤਿਆਂ ਦੀ ਬਹੁਤ ਅਹਿਮੀਅਤ ਹੈ। ਜੇ ਦੇਖਿਆ ਜਾਵੇ ਤਾਂ ਬੱਚਾ ਜਨਮ ਲੈਂਦਿਆਂ ਹੀ ਕਿੰਨੇ ਸਾਰੇ ਰਿਸ਼ਤਿਆਂ ਦੇ ਬੰਧਨ ਵਿੱਚ ਬੱਝ ਜਾਂਦਾ ਹੈ। ਉਹ ਆਪ ਚਾਹੇ ਇਸ ਗੱਲੋਂ ਬੇਖ਼ਬਰ ਹੁੰਦਾ ਹੈ ਪਰ ਜਿਵੇਂ ਜਿਵੇਂ ਸੋਝੀ ਆਈ ਜਾਂਦੀ ਹੈ ਉਸ ਨੂੰ ਆਪਣੇ ਰਿਸ਼ਤਿਆਂ ਦੀ ਪਛਾਣ ਆਉਣ ਲੱਗਦੀ ਹੈ। ਮਾਂ-ਬਾਪ,ਭੈਣ- ਭਰਾ ਵਰਗੇ ਰਿਸ਼ਤੇ ਖ਼ੂਨ ਦੇ ਰਿਸ਼ਤੇ ਹੁੰਦੇ ਹਨ ਜਦ ਕਿ ਬਾਕੀ ਕੁਝ ਰਿਸ਼ਤੇ ਸਕੇ ਸਬੰਧੀਆਂ ਦੇ,ਕੁਝ ਨਵੇਂ ਜੁੜਨ ਵਾਲੇ ਰਿਸ਼ਤੇ ਸਾਕਾਦਾਰੀ ਦੇ ਰਿਸ਼ਤੇ ਹੁੰਦੇ ਹਨ,ਕੁਝ ਸਮਾਜ ਵਿੱਚ ਵਿਚਰਦਿਆਂ ਸਮਾਜਿਕ ਰਿਸ਼ਤੇ ਬਣਦੇ ਹਨ। ਹਰ ਰਿਸ਼ਤੇ ਦੀ ਆਪਣੀ ਅਹਿਮੀਅਤ ਹੁੰਦੀ ਹੈ।

"ਰੁਤਬਾ" ਅਰਥ ਹੈ "ਪਦਵੀ, ਅਹੁਦਾ,ਮਾਣ, ਇੱਜ਼ਤ, ਜਾਂ ਦਰਜਾ"। ਇਹ ਸ਼ਬਦ ਕਿਸੇ ਵਿਅਕਤੀ ਦੀ ਸਮਾਜਿਕ ਸਥਿਤੀ ਜਾਂ ਉਸਦੀ ਮਹੱਤਤਾ ਨੂੰ ਦਰਸਾਉਂਦਾ ਹੈ।ਰੁਤਬਿਆਂ ਦੀ ਗੱਲ ਕਰੀਏ ਤਾਂ ਮਨੁੱਖ ਰੁਤਬਾ ਹਾਸਲ ਕਰਨ ਲਈ ਬਹੁਤ ਮਿਹਨਤ ਕਰਦਾ ਹੈ। ਜਦ ਕੋਈ ਵੀ ਮਨੁੱਖ ਆਪਣੇ ਪਰਿਵਾਰਕ ਮੈਂਬਰਾਂ ਜਾਂ ਸਮਾਜ ਦੇ ਲੋਕਾਂ ਨਾਲੋਂ ਅਲੱਗ ਇੱਕ ਉੱਚੀ ਪਦਵੀ ਜਾਂ ਉਪਾਧੀ ਹਾਸਲ ਕਰ ਲੈਂਦਾ ਹੈ ਤਾਂ ਉਸ ਦਾ ਰੁਤਬਾ ਉਹਨਾਂ ਨਾਲ਼ੋਂ ਉੱਚਾ ਹੋ ਜਾਂਦਾ ਹੈ। ਆਮ ਕਰਕੇ ਪਰਿਵਾਰ ਵਿੱਚ ਵਿਚਰਦਿਆਂ ਜੀਵਨ ਦੇ ਮੁੱਢਲੇ ਸਮੇਂ ਵਿੱਚ ਕਈ ਬੱਚੇ ਪੜ੍ਹ ਲਿਖ ਕੇ ਉੱਚੇ ਅਹੁਦਿਆਂ ਤੇ ਬਿਰਾਜਮਾਨ ਹੋ ਜਾਂਦੇ ਹਨ ਤੇ ਉਹਨਾਂ ਦੇ ਹੀ ਭੈਣ ਭਰਾ ਕਈ ਵਾਰ ਘੱਟ ਪੜ੍ਹਦੇ ਹਨ ਤੇ ਉਹਨਾਂ ਦਾ ਜੀਵਨ ਪੱਧਰ ਮਿਹਨਤ ਮਜ਼ਦੂਰੀ ਨਾਲ ਸਬੰਧਤ ਹੋ ਜਾਂਦਾ ਹੈ। ਕਈ ਵਿਅਕਤੀ ਚੰਗੇ ਸਮਾਜਿਕ ਕੰਮ ਕਰਕੇ ਜਾਂ ਸਮਾਜ ਸੇਵਾ ਕਰਕੇ ਤੇ ਕਈ ਰਾਜਨੀਤੀ ਵਿੱਚ ਪ੍ਰਵੇਸ਼ ਕਰਕੇ ਜਦੋਂ ਇੱਕ ਵੱਡਾ ਮੁਕਾਮ ਹਾਸਲ ਕਰ ਲੈਂਦੇ ਹਨ ਜੋ ਪਰਿਵਾਰ ਦੇ ਬਾਕੀ ਮੈਂਬਰਾਂ ਜਾਂ ਸਮਾਜ ਦੇ ਬਾਕੀ ਲੋਕਾਂ ਤੋਂ ਵੱਖਰੀ ਪਛਾਣ ਬਣਾ ਲੈਂਦੇ ਹਨ, ਉਹਨਾਂ ਦਾ ਰੁਤਬਾ ਵੀ ਬਾਕੀਆਂ ਨਾਲ਼ੋਂ ਉੱਚਾ ਹੋ ਜਾਂਦਾ ਹੈ ।ਇਹੋ ਜਿਹੀਆਂ ਸਾਡੇ ਸਮਾਜ ਵਿੱਚ ਅਨੇਕਾਂ ਹੀ ਉਦਾਹਰਣਾਂ ਆਪਣੇ ਆਲੇ ਦੁਆਲੇ ਵਿੱਚ ਵੇਖਣ ਨੂੰ ਮਿਲ ਜਾਂਦੀਆਂ ਹਨ।

ਕੀ ਰੁਤਬਿਆਂ ਦਾ ਰਿਸ਼ਤਿਆਂ ਉੱਤੇ ਕੋਈ ਅਸਰ ਪੈਂਦਾ ਹੈ ਕਿ ਨਹੀਂ? ਆਮ ਕਰਕੇ ਇਹ ਵੇਖਣ ਨੂੰ ਆਇਆ ਹੈ ਕਿ ਜਦੋਂ ਕੋਈ ਵਿਅਕਤੀ ਸਾਡੇ ਆਲੇ ਦੁਆਲੇ ਵਿੱਚੋਂ ਕੋਈ ਉੱਚਾ ਰੁਤਬਾ ਹਾਸਲ ਕਰ ਲੈਂਦਾ ਹੈ ਤਾਂ ਉਹ ਆਰਥਿਕ ਤੌਰ ਤੇ ਬਹੁਤ ਮਜ਼ਬੂਤ ਹੋ ਜਾਂਦਾ ਹੈ ਤੇ ਖਾਸ ਕਰਕੇ ਆਪਣੇ ਬਰਾਬਰ ਦੇ ਲੋਕਾਂ ਵਿੱਚ ਵਿਚਰਨ ਲੱਗਦਾ ਹੈ। ਜਿਵੇਂ ਜਿਵੇਂ ਉਸ ਦਾ ਉੱਠਣਾ ਬੈਠਣਾ ਵੱਡੇ ਲੋਕਾਂ ਵਿੱਚ ਭਾਵ ਆਪਣੇ ਰੁਤਬੇ ਦੇ ਬਰਾਬਰ ਦੇ ਲੋਕਾਂ ਵਿੱਚ ਹੋਣ ਲੱਗਦਾ ਹੈ ਤਾਂ ਉਹ ਆਪਣੇ ਪਰਿਵਾਰ ਦੇ ਬਾਕੀ ਮੈਂਬਰਾਂ ਨਾਲ਼ ਦੂਰੀ ਵਧਾਉਣ ਲੱਗਦਾ ਹੈ ਕਿਉਂਕਿ ਉਹ ਆਪਣੇ ਹੀ ਭੈਣ ਭਰਾਵਾਂ ਜਾਂ ਮਾਪਿਆਂ ਨੂੰ ਆਪਣੀ ਹੈਸੀਅਤ ਤੋਂ ਛੋਟਾ ਸਮਝਣ ਲੱਗ ਪੈਂਦਾ ਹੈ।ਉਹ ਵਿਅਕਤੀ ਇਹ ਭੁੱਲ ਜਾਂਦੇ ਹਨ ਕਿ ਉਹ ਵੀ ਇਸੇ ਪਰਿਵਾਰ ਦਾ ਹਿੱਸਾ ਹੁੰਦੇ ਸਨ। ਕਈ ਵਾਰ ਤਾਂ ਰੁਤਬਿਆਂ ਦਾ ਮਨੁੱਖ ਉੱਪਰ ਇਸ ਤਰ੍ਹਾਂ ਦਾ ਗਰੂਰ ਸਵਾਰ ਹੋਇਆ ਵੇਖਿਆ ਜਾਂਦਾ ਹੈ ਕਿ ਆਪਣੇ ਸਕੇ ਭੈਣ ਭਰਾਵਾਂ ਨੂੰ ਆਪਣੇ ਰਿਸ਼ਤੇਦਾਰ ਕਹਿਣ ਤੋਂ ਵੀ ਕੰਨੀਂ ਕਤਰਾਉਂਦੇ ਹਨ। ਕਈ ਲੋਕ ਤਾਂ ਆਪਣੇ ਰੁਤਬੇ ਦੇ ਨਸ਼ੇ ਵਿੱਚ ਆਪਣੇ ਬੁੱਢੇ ਮਾਪਿਆਂ ਨੂੰ ਵੀ ਆਪਣੀ ਸੁਸਾਇਟੀ ਦੇ ਲੋਕਾਂ ਨਾਲ ਮਿਲਵਾਉਣ ਵਿੱਚ ਸ਼ਰਮ ਮਹਿਸੂਸ ਕਰਦੇ ਹਨ। ਇਸ ਤਰ੍ਹਾਂ ਰੁਤਬੇ ਮਨੁੱਖ ਦੇ ਨਿੱਜੀ ਰਿਸ਼ਤਿਆਂ ਉੱਤੇ ਇਸ ਤਰ੍ਹਾਂ ਭਾਰੂ ਪੈ ਜਾਂਦੇ ਹਨ ਕਿ ਆਪਣੇ ਹੀ ਸਕੇ ਸਬੰਧੀਆਂ ਨੂੰ ਆਪਣਿਆਂ ਤੋਂ ਦੂਰ ਕਰ ਦਿੰਦੇ ਹਨ।

ਜਿਹੜੇ ਲੋਕ ਆਪਣੇ ਰੁਤਬੇ ਦੇ ਪ੍ਰਭਾਵ ਹੇਠ ਆ ਕੇ ਜਿੱਥੇ ਆਪਣੇ ਘਰ ਪਰਿਵਾਰ ਤੋਂ ਦੂਰੀ ਬਣਾਉਣ ਲੱਗਦੇ ਹਨ ਉੱਥੇ ਉਹ ਉਸ ਸਮਾਜਿਕ ਦਾਇਰੇ ਤੋਂ ਵੀ ਕਿਨਾਰਾ ਕਰ ਲੈਂਦੇ ਹਨ ਜਿੱਥੇ ਕਦੇ ਉਹਨਾਂ ਨੇ ਆਪਣੇ ਸਮਾਜ ਦੇ ਲੋਕਾਂ ਤੋਂ ਬਹੁਤ ਕੁਝ ਸਿੱਖਿਆ ਹੁੰਦਾ ਹੈ। ਉਹਨਾਂ ਨੂੰ ਆਪਣੇ ਪਿਛੋਕੜ ਨੂੰ ਦੱਸਣ ਲੱਗਿਆਂ ਸ਼ਰਮ ਮਹਿਸੂਸ ਹੁੰਦੀ ਹੈ। ਇਹੋ ਜਿਹੇ ਲੋਕ ਜਿਹੜੇ ਨਵੇਂ ਸਮਾਜ ਦਾ ਹਿੱਸਾ ਬਣਦੇ ਹਨ ਉੱਥੇ ਵੀ ਉਹ ਖੁੱਲ੍ਹ ਕੇ ਵਿਚਰ ਨਹੀਂ ਸਕਦੇ ਕਿਉਂ ਕਿ ਉਹਨਾਂ ਨੇ ਸਿਰਫ਼ ਆਪਣੇ ਰੁਤਬੇ ਦੇ ਅਧਾਰ ਤੇ ਹੀ ਉਹਨਾਂ ਲੋਕਾਂ ਵਿੱਚ ਆਪਣਾ ਕਿਰਦਾਰ ਸਿਰਜਿਆ ਹੁੰਦਾ ਹੈ , ਉਹਨਾਂ ਨੂੰ ਆਪਣੇ ਗਰੀਬ ਭੈਣ ਭਰਾਵਾਂ ਜਾਂ ਮਾਪਿਆਂ ਦਾ ਭੇਦ ਖੁੱਲ੍ਹਣ ਦਾ ਡਰ ਲੱਗਿਆ ਰਹਿੰਦਾ ਹੈ। ਇਹੋ ਜਿਹੇ ਲੋਕ ਆਪਣੇ ਆਲ਼ੇ ਦੁਆਲ਼ੇ ਦੇ ਲੋਕਾਂ , ਗੁਆਂਢੀਆਂ ਜਾਂ ਦੋਸਤਾਂ ਮਿੱਤਰਾਂ, ਜਿਹਨਾਂ ਨਾਲ ਕਦੇ ਜ਼ਿੰਦਗੀ ਦਾ ਮਹੱਤਵ ਪੂਰਨ ਸਮਾਂ ਬਿਤਾਇਆ ਹੁੰਦਾ ਹੈ, ਜਿਹਨਾਂ ਨਾਲ ਮੌਜ ਮਸਤੀ ਕਰਦੇ ਹੋਏ ਜੀਵਨ ਜਾਚ ਸਿੱਖੀ ਹੁੰਦੀ ਹੈ, ਉਹਨਾਂ ਨੂੰ ਵੀ ਪਛਾਨਣ ਤੋਂ ਕੋਰੀ ਨਾਂਹ ਕਰ ਦਿੰਦੇ ਹਨ। ਮੰਨਿਆ ਕਿ ਉਹ ਆਪਣੀ ਇੱਕ ਉੱਚ ਸਤਰ ਦੀ ਜੀਵਨਸ਼ੈਲੀ ਤਾਂ ਅਪਣਾ ਲੈਂਦੇ ਹਨ, ਉਹਨਾਂ ਦੀ ਜਾਣ ਪਛਾਣ ਵੱਡੇ ਲੋਕਾਂ ਨਾਲ਼ ਹੋ ਜਾਂਦੀ ਹੈ ਪਰ ਇਹੋ ਜਿਹੇ ਲੋਕ ਆਪਣੀ ਜ਼ਿੰਦਗੀ ਨੂੰ ਖੁੱਲ੍ਹ ਕੇ ਜਿਊਣ ਤੋਂ ਵਾਂਝੇ ਹੋ ਜਾਂਦੇ ਹਨ। ਉਹਨਾਂ ਦੇ ਅੰਦਰ ਆਪਣੇ ਆਪ ਨਾਲ ਵਿਚਾਰਾਂ ਦੀ ਇੱਕ ਲੜਾਈ ਜਿਹੀ ਚਲਦੀ ਰਹਿੰਦੀ ਹੈ ਜਿਸ ਦਾ ਜ਼ਿਕਰ ਉਹ ਕਿਸੇ ਨਾਲ ਨਹੀਂ ਕਰ ਸਕਦੇ। ਉਹਨਾਂ ਦੀ ਸੋਚ ਦਾ ਪੱਧਰ ਸੌੜਾ ਜਿਹਾ ਹੋ ਕੇ ਰਹਿ ਜਾਂਦਾ ਹੈ, ਮਿਲਵਰਤਣ ਦੀ ਭਾਵਨਾ ਖ਼ਤਮ ਹੋ ਜਾਂਦੀ ਹੈ ਤੇ ਜ਼ਿੰਦਗੀ ਬਨਾਵਟੀ ਰੰਗਤ ਨਾਲ ਰੰਗੀ ਜਾਂਦੀ ਹੈ।

ਅਗਰ ਕੋਈ ਵਿਅਕਤੀ ਉੱਚਾ ਰੁਤਬਾ ਹਾਸਲ ਕਰਕੇ ਵੀ ਆਪਣੇ ਪਿਛੋਕੜ ਜਾਂ ਆਪਣੇ ਰਿਸ਼ਤਿਆਂ ਨੂੰ ਓਨੀ ਹੀ ਅਹਿਮੀਅਤ ਦਿੰਦਾ ਹੈ ਜਿੰਨਾ ਉਹ ਰੁਤਬਾ ਹਾਸਲ ਕਰਨ ਤੋਂ ਪਹਿਲਾਂ ਦਿੰਦਾ ਸੀ ਤਾਂ ਇਹੋ ਜਿਹੇ ਵਿਅਕਤੀ ਦੀ ਸਮਾਜ ਵਿੱਚ ਸ਼ੋਭਾ ਵਧਦੀ ਹੈ। ਇਹੋ ਜਿਹੇ ਵਿਅਕਤੀ ਨੂੰ ਹਰ ਕੋਈ ਸਤਿਕਾਰ ਦੀ ਨਜ਼ਰ ਨਾਲ਼ ਵੇਖਦਾ ਹੈ। ਉਹ ਵਿਅਕਤੀ ਆਪਣੇ ਨਿੱਜੀ ਅਤੇ ਸਮਾਜਿਕ ਦਾਇਰੇ ਵਿੱਚ ਖੁੱਲ੍ਹ ਕੇ ਜਿਊਣ ਦੇ ਸਮਰੱਥ ਹੁੰਦਾ ਹੈ। ਸਾਡੇ ਸਮਾਜ ਵਿੱਚ ਚਾਹੇ ਇਹੋ ਜਿਹੇ ਵਿਅਕਤੀਆਂ ਦੀ ਗਿਣਤੀ ਬਹੁਤ ਘੱਟ ਹੁੰਦੀ ਹੈ ਪਰ ਫਿਰ ਵੀ ਇਹ ਲੋਕ ਬਹੁਤ ਸਤਿਕਾਰ ਦੇ ਪਾਤਰ ਹੁੰਦੇ ਹਨ। ਸਮਾਜ ਵਿੱਚ ਵਿਚਰਦਿਆਂ ਹਰ ਕਿਸੇ ਨੂੰ ਇਸ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਕਿ ਰੁਤਬਿਆਂ ਦਾ ਰਿਸ਼ਤਿਆਂ ਉੱਪਰ ਕੋਈ ਮਾੜਾ ਪ੍ਰਭਾਵ ਨਹੀਂ ਪੈਣ ਦੇਣਾ ਚਾਹੀਦਾ ਤਾਂ ਜੋ ਰਿਸ਼ਤਿਆਂ ਦੀ ਅਹਿਮੀਅਤ ਨੂੰ ਮੁੱਖ ਰੱਖ ਕੇ ਹੀ ਜੀਵਨ ਬਤੀਤ ਕੀਤਾ ਜਾ ਸਕੇ।






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital
DRUG TESTING

# CAPITAL DRUG TESTING

Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


NOW OPEN
NOW OPEN
Tandoori
FLAVORS
MARINATE MEAT SHOP
ਮੇਰੀਨੇਟ ਮੀਟ ਸ਼ੋਪ
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori
FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
"ਅਸੀਂ ਆਪਣੇ ਖਾਣੇ 'ਚ ਫੂਡ-ਕਲਰ ਨਹੀਂ ਵਰਤਦੇ।"
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com


# "ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?

FARMERS INSURANCE

## ਨਵਨੀਤ ਕੌਰ
## INSURANCE AGENCY


------------- "ਤੁਹਾਡਾ ਸੁਆਗਤ ਹੈ" -------------

"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਹਾਂ, ਜਿਵੇਂ :

ਆਟੋ



ਹੋਮ


ਲਾਈਫ


ਵਪਾਰਕ ਇੰਸ਼ੋਰੈਂਸ


"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਹਾਂ!"

**Get a free Quote**



KANWALJIT SINGH
(Insurance Agent)


## "ਸਾਡੇ ਨਾਲ ਸੰਪਰਕ ਕਰੋ :



ਫ਼ੋਨ ਨੰਬਰ: (209) 672-4539

ਪਤਾ :- 17416 Murphy Pkwy, Lathrop, CA 95330

ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"


Pal Films Production
RED PRO 5.0
RED
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# “ਭੀਮ ਤੋਂ ਮਸੀਹਾ ਤੱਕ”

ਦਲਿਤਾਂ,ਮਜਲੂਮਾਂ,ਨਿਆਸਰਿਆਂ ਅਤੇ ਹਰ ਪੱਖੋਂ ਲੁੱਟੇ-ਪੁੱਟੇ ਜਾਂਦੇ ਲੋਕਾਂ ਦੀ ਅਵਾਜ ਵਜੋਂ ਜਾਣੇ ਜਾਂਦੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਨੇ ਸਮਾਜਿਕ.ਆਰਥਿਕ,ਧਾਰਮਿਕ,ਰਾਜਨੀਤਿਕ ਪੱਧਰਾਂ ‘ਤੇ ਅਣਮਨੁੱਖੀ ਭੇਦ ਭਾਵ ਦੇ ਵਿਰੋਧ ਵਿੱਚ ਦਲਿਤ ਪੱਖੀ ਅਵਾਜ ਉਠਾਈ ਕਿਓ ਜੋ ਭਾਰਤੀ ਸਮਾਜ ਵਿੱਚ ਮਨੂਵਾਦੀ ਸਿੱਧਾਤਾਂ ਨੂੰ ਮੰਨਣ ਵਾਲੇ ਕੱਟੜ ਲੋਕ ਹਿੰਦੂਤਵੀ ਰਹੁ ਰੀਤਾਂ ਤਹਿਤ ਨਿਮਨ ਵਰਗਾਂ ਨਾਲ ਕੀਤੇ ਜਾਂਦੇ ਹਰ ਪ੍ਰਕਾਰ ਦੇ ਸ਼ੋਸ਼ਣਾਂ ਨੂੰ ਧਾਰਮਿਕ ਗ੍ਰੰਥਾਂ ਦੀ ਆੜ ਹੇਠਾਂ ਜਾਇਜ ਸਮਝਦੇ ਸਨ।

ਬਾਬਾ ਸਾਹਿਬ ਅਨੁਸਾਰ ਭਾਰਤੀ ਸਮਾਜ ਪੂਰੀ ਤਰ੍ਹਾਂ ਗੈਰ-ਲੋਕਤੰਤਰੀ ਸੀ ਜਿਸ ਵਿੱਚ ਲੋਕਾਂ ਨੂੰ ਜਮਾਤਾਂ ਅਤੇ ਜਾਤਾਂ ਵਿੱਚ ਉਨ੍ਹਾਂ ਦੀਆਂ ਯੋਗਤਾਵਾਂ ,ਬੁੱਧੀ ਜਾਂ ਕੰਮਾਂ ਦੇ ਅਧਾਰ ਤੇ ਨਹੀਂ ਬਲਕਿ ਜਨਮ ਦੇ ਅਧਾਰ ਤੇ ਵੰਡਿਆ ਗਿਆ।ਉਨ੍ਹਾਂ ਦਾ ਮੁਖ ਮਿਸ਼ਨ ਦੱਬੇ ਕੁਚਲੇ ਲੋਕਾਂ ਨੂੰ ਉੱਚ ਸਮਾਜਿਕ,ਰਾਜਿਨੀਤਕ ਪੱਧਰ ਤੇ ਲਿਆਉਣਾ ਸੀ ਤਾਂ ਜੋਕਿ ਉਨ੍ਹਾਂ ਦੇ ਮੱਥੇ ਤੇ ਲੱਗਿਆ ਅਛੂਤਾਂ ਵਾਲਾ ਕਲੰਕ ਧੋਇਆ ਜਾ ਸਕੇ।ਉਹ ਦਲਿਤਾਂ ਨੂੰ ਹਿੰਦੂਆਂ ਦੇ ਬਰਾਰਬਰ ਸਮਾਨਤਾ ਦਿਵਾਉਣ ਦਾ ਹਾਮੀ ਸੀ।ਭਾਵੇਂ ਕਿ ਅੰਬੇਡਕਰ ਨੂੰ ਇਹ ਅਹਿਸਾਸ ਸੀ ਕਿ ਅਜਿਹਾ ਮਿਸ਼ਨ ਪੂਰਾ ਕਰਨਾ ਅਤੀ ਕਠਿਨ ਸੀ।ਪਰ ਫਿਰ ਵੀ ਆਪ ਨੇ ਹਿੰਦੂ ਸਮਾਜ ਵਿੱਚ ਪ੍ਰਬਲ ਜਾਤੀਵਾਦ ਦੇ ਬੀਜ ਦਾ ਨਾਸ਼ ਕਰਨ ਦਾ ਤਹੱਈਆ ਕੀਤਾ।ਉਸਨੇ ਸਮਾਜ ਵਿੱਚ ਪ੍ਰਬਲ ਜਾਤੀਵਾਦ ਅਤੇ ਇਸਦੇ ਭਿਆਨਕ ਸਿੱਟਿਆ ਉੱਪਰ ਆਪਣੀਆਂ ਕਿਤਾਬਾਂ ਦੀ ਰੌਸ਼ਨੀ ਨਾਲ ਦੱਬੇ ਕੁਚਲੇ ਅਛੂਤਾਂ ਵਿੱਚ ਨਵੀਂ ਰੂਹ ਭਰੀ ਅਤੇ ਉਨ੍ਹਾਂ ਨੂੰ ਗੁਲਾਮੀ ਦਾ ਅਹਿਸਾਸ ਹੀ ਨਾ ਕਰਵਾਇਆ ਸਗੋਂ ਆਪਣੇ ਹੱਕਾਂ ਵਾਸਤੇ ਲਾਮਬੰਦ ਕਰਨਾ ਆਰੰਭਿਆ।

ਅਛੂਤਾਂ ਵਿੱਚ ਸਵੈਮਾਣ ਦੀ ਮੂਵਮੈਂਟ ਚਲਾਈ ਤਾਂ ਉੱਨ੍ਹਾਂ ਵਿੱਚ ਏਕੇ ਦੀ ਭਾਵਨਾ ਅਤੇ ਵੋਟ ਦੀ ਸ਼ਕਤੀ ਦਾ ਅਹਿਸਾਸ ਅੰਗੜਾਈ ਭਰਨ ਲੱਗਾ।ਆਪਣੇ ਹੱਕਾਂ ਦੀ ਪ੍ਰਾਪਤੀ ਵਾਸਤੇ ਆਪ ਨੇ “ਪੜ੍ਹੋ,ਜੁੜੋ.ਸ਼ੰਘਰਸ਼ ਕਰੋ”ਦੇ ਮਾਟੋ ਰਾਹੀਂ ਮਾਨਸਿਕ ਗੁਲਾਮੀ ਦੀਆਂ ਜੰਜੀਰਾਂ ਤੋੜਨ ਦਾ ਸੁਨੇਹਾ ਦਿੱਤਾ।

ਸ਼ਮਾਜ ਸੁਧਾਰ ਦੇ ਕੰਮਾਂ ਤਹਿਤ ਆਪਨੇ ਸ਼ੋਸਿਤ ਲੋਕਾਂ ਵਿੱਚ ਚੇਤਨਾ ਪੈਦਾ ਕਰਨ ਦੇ ਮਨੋਰਥ ਨਾਲ ਉਨ੍ਹਾਂ ਵਾਸਤੇ ਸਕੂਲ,ਹੋਸਟਲ,ਲਾਇਬਰ੍ਰੇਰੀਆਂ,ਸ਼ਟੇਸ਼ਨਰੀ ਦੀਆਂ ਸਹੂਲਤਾਂ ਪੈਦਾ ਕਰਨ ਤੇ ਜੋਰ ਦਿੱਤਾ।ਡਾਕਟਰ ਅੰਬੇਡਕਰ ਨੇ ਖੁਦ ਕਈ ਸਕੂਲ ਖੁਲਵਾਏ ਅਤੇ ਚੌਤਰਫਾ ਗੁਲਾਮੀ ਭੋਗ ਰਹੇ ਅਛੂਤਾਂ ਨੂੰ ਆਪਣੇ ਮਨਾਂ ਵਿੱਚੋਂ ਅਛੂਤ ਹੋਣ ਦਾ ਡਰ ਖਤਮ ਕਰਕੇ ਅੰਤਰ ਜਾਤੀ ਸਮਾਰੋਹਾਂ ਵਿੱਚ ਸ਼ਾਮਿਲ ਹੋਣ,ਅੰਤਰ ਜਾਤੀ ਵਿਆਹਾ ਦਾ ਸਮਰਥਨ ਕਰਨ ਦੀ ਗੱਲ ਆਖੀ ਕਿਓ ਜੋ ਅਜਿਹੇ ਵਰਤਾਰੇ ਨਾਲ ਹੀ ਸਮਾਜਿਕ ਵਿਵਸਥਾ ਪਰਿਵਰਤਣ ਸੰਭਵ ਹੋ ਸਕਦਾ ਹੈ।ਇਸਤੋਂ ਇਲਾਵਾ ਡਾਕਟਰ ਅੰਬਡੇਕਰ ਨੇ ਦਲਿਤ ਲੋਕਾਂ ਨੂੰ ਸੱਤਿਆਗ੍ਰਹਿ ਕਰਨ ਵਾਸਤੇ ਪ੍ਰੇਰਿਤ ਕੀਤਾ ਅਤੇ ਕਈ ਸਾਂਝੀਆਂ ਮਨਾਹੀ ਵਾਲੀਆਂ ਥਾਵਾਂ ਬਿਨ੍ਹਾਂ ਕਿਸੇ ਭੇਦ ਭਾਵ ਤੋਂ ਸਭਨਾਂ ਵਾਸਤੇ ਖੋਲਣ ਦੀ ਪੁਰਜੋਰ ਵਕਾਲਤ ਕੀਤੀ।ਦੂਜੇ ਸ਼ਬਦਾਂ ਵਿੱਚ ਡਾਕਟਰ ਅੰਬੇਡਕਰ ਨੇ ਦਲਿਤ ਲੋਕਾਂ ਦੇ ਜੀਵਨ,ਸੋਝੀ ਅਤੇ ਵਿਵਹਾਰ ਵਿੱਚ ਕਾਫੀ ਤਬਦੀਲੀ ਲਿਆਂਦੀਆਪ ਨੇ ਆਪਣੇ ਸਮਾਜ ਸੁਧਾਰਕ ਯਤਨਾਂ ਰਾਹੀਂ ਹਿੰਦੂ ਸਮਾਜ ਦੀ ਅੰਤਰ ਆਤਮਾ ਨੂ ਝੰਜੋੜਨ ਦਾ ਕੰਮ ਕਰਦਿਆ ਨਿਮਨ ਵਰਗਾਂ ਉੱਪਰ ਹੁੰਦੇ ਅੱਜਿਹੇ ਅੱਤਿਆਚਾਰਾਂ ਨੂੰ ਭਾਰਤੀ ਸਮਾਜ ਦੇ ਮੱਥੇ ;ਤੇ ਇੱਕ ਕਲੰਕ ਗਰਦਾਨਿਆ।

ਅੰਬੇਡਕਰ ਇਸ ਗੱਲ ਤੋਂ ਭਲੀ ਭਾਂਤ ਵਾਕਿਫ ਸੀ ਕਿ ਦਲਿਤ ਸਮਾਜ ਦੇ ਲੋਕਾਂ ਵਿੱਚ ਚੇਤਨਾ ਪੈਦਾ ਕਰਨਾ ਇੱਕ ਲੰਬੇ ਸਮੇਂ ਦਾ ਕਾਰਜ ਹੈ । ਜਦੋਂ ਤੱਕ ਭਾਤਤੀ ਹਿੰਦੂਤਵੀ ਸਮਾਜ ਵਿੱਚ ਪ੍ਰਚੱਲਿਤ ਮਨੂਵਾਦੀ ਰਹੁ ਰੀਤਾਂ ਖਤਮ ਨਹੀਂ ਹੋ ਜਾਂਦੀਆਂ ਤਦ ਤੱਕ ਹਜੂਮ ਦੀ ਮਾਨਸਿਕਤਾ ਵਿੱਚ ਬਦਲਾਅ ਲਿਆਉਣਾ ਅਸੰਭਵ ਹੈ।ਇੰਨ੍ਹਾਂ ਧਾਰਮਿਕ ਤੇ ਸਮਾਜਿਕ ਕੁਰੀਤੀਆਂ ਦੇ ਵਿਰੋਧ ਅਤੇ ਰੋਸ ਵਜੋਂ ਭੀਮ ਰਾਓ ਅੰਬੇਡਕਰ ਨੇ ਬੁੱਧ ਧਰਮ ਦੀ ਸ਼ਰਨ ਲਈ ਅਤੇ ਆਪਣੇ ਸਮਾਜ ਨੂੰ ਸਦੀਆਂ ਤੋਂ ਹੋ ਰਹੀ ਚੌਰਤਰਫਾ ਗੈਰ ਬਰਾਬਰੀ ਖਿਲਾਫ ਪ੍ਰਚਮ ਲਹਿਰਾਉਣ ਦੇ ਅਹਿਦ ਕਰਨ ਦਾ ਸੰਕਲਪ ਦਿੱਤਾ।ਨਿਰਸੰਦੇਹ ਡਾਕਟਰ ਭੀਮ ਰਾਓ ਅੰਬੇਡਕਰ ਇੱਕ ਉੱਘੇ ਸਮਾਜ ਸੁਧਾਰਕ ਸਨ ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਦਲਿਤ ਚੇਤਨਾ ਲਹਿਰ ਉਸਾਰਨ ਉੱਪਰ ਲਗਾਇਆ ਇਸੇ ਲਈ ਧਰਤ ਲੋਕ ਤੇ ਜਨਮਿਆ ਡਾ.ਭੀਮ ਰਾਓ ਅੰਬੇਡਕਰ ਨੂੰ ਸੰਸਾਰ ਭਰ ਵਿੱਚ “ਮਸੀਹਾ”ਦੇ ਨਾਮ ਨਾਲ ਜਾਣਿਆ ਜਾਂਦਾ ਹੈ।



ਸਾਂਝੀ ਸੋਚ
ਮਾਸਟਰ ਹਰਭਿੰਦਰ ਸਿੰਘ “ਮੁੱਲਾਂਪੁਰ”
ਮੰਡੀ ਮੁੱਲਾਂਪੁਰ (ਲੁਧਿਆਣਾ)
94646-01001








RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਤਿੰਨ ਪ੍ਰੇਰਕ ਪ੍ਰਸੰਗ

### ਰੋਜ਼ਾਨਾ ਜੀਵਨ ਤੋਂ ਸਬਕ

ਇੱਕ ਵਾਰ ਇੱਕ ਆਦਮੀ ਨੇ ਦਾਰਸ਼ਨਿਕ ਅਰਸਤੂ ਨੂੰ ਪੁੱਛਿਆ, "ਜਨਾਬ, ਤੁਸੀਂ ਆਪਣੀ ਜ਼ਿੰਦਗੀ ਵਿੱਚ ਬਹੁਤ ਸਾਰੇ ਮਹਾਨ ਅਤੇ ਕਾਮਯਾਬ ਲੋਕਾਂ ਨੂੰ ਮਿਲੇ ਹੋਵੋਗੇ। ਤੁਸੀਂ ਉਨ੍ਹਾਂ ਤੋਂ ਬਹੁਤ ਕੁਝ ਸਿੱਖਿਆ ਹੋਵੇਗਾ। ਕਿਰਪਾ ਕਰਕੇ ਸਾਨੂੰ ਵੀ ਉਨ੍ਹਾਂ ਬਾਰੇ ਦੱਸੋ।"

ਅਰਸਤੂ ਨੇ ਮੁਸਕਰਾਉਂਦੇ ਹੋਏ ਜਵਾਬ ਦਿੱਤਾ, "ਨਹੀਂ, ਜਿਨ੍ਹਾਂ ਲੋਕਾਂ ਤੋਂ ਮੈਂ ਆਪਣੀ ਜ਼ਿੰਦਗੀ ਵਿੱਚ ਸਿੱਖਿਆ ਹੈ, ਉਹ ਕੋਈ ਮਸ਼ਹੂਰ ਜਾਂ ਮਾਹਿਰ ਨਹੀਂ ਸਨ। ਮੈਂ ਹਮੇਸ਼ਾ ਸਧਾਰਨ, ਰੋਜ਼ਾਨਾ ਜੀਵਨ ਦੇ ਮਾਹੌਲ ਵਿੱਚ ਹੀ ਰਿਹਾ ਹਾਂ। ਉੱਥੇ ਮੈਂ ਚਲਾਕ ਲੋਕਾਂ ਤੋਂ ਇਮਾਨਦਾਰੀ, ਕੰਜੂਸ ਤੋਂ ਉਦਾਰਤਾ, ਗੱਲਾਂ ਕਰਨ ਵਾਲੇ ਤੋਂ ਚੁੱਪ, ਅਸਹਿਣਸ਼ੀਲ ਤੋਂ ਸਹਿਣਸ਼ੀਲਤਾ, ਜ਼ਾਲਮ ਤੋਂ ਦਿਆਲਤਾ ਅਤੇ ਜਲਦਬਾਜ਼ੀ ਵਾਲੇ ਤੋਂ ਸਬਰ ਸਿੱਖਿਆ। ਇਹ ਅਨੁਭਵ ਅੱਜ ਵੀ ਮੈਨੂੰ ਪ੍ਰਭਾਵਿਤ ਕਰਦੇ ਹਨ ਅਤੇ ਮੈਂ ਉਨ੍ਹਾਂ ਸਾਰਿਆਂ ਦਾ ਧੰਨਵਾਦੀ ਹਾਂ, ਕਿਉਂਕਿ ਉਨ੍ਹਾਂ ਨੇ ਮੈਨੂੰ ਜ਼ਿੰਦਗੀ ਦੇ ਕੁਝ ਮਹੱਤਵਪੂਰਨ ਪਹਿਲੂਆਂ ਨੂੰ ਸਮਝਣ ਦਾ ਮੌਕਾ ਦਿੱਤਾ।"

### ਚੰਗਿਆਈ ਦਾ ਸਰੋਤ

ਇੱਕ ਵਾਰ ਕਿਸੇ ਨੇ ਮਸ਼ਹੂਰ ਈਰਾਨੀ ਕਵੀ ਅਤੇ ਵਿਦਵਾਨ ਸ਼ੇਖ ਸਾਅਦੀ ਨੂੰ ਪੁੱਛਿਆ, "ਢੂੰਡਣ ਤੋਂ ਬਾਅਦ ਵੀ ਤੁਹਾਡੇ ਵਿੱਚ ਕੋਈ ਕਮੀ ਕਿਸੇ ਨੂੰ ਨਹੀਂ ਮਿਲਦੀ। ਆਖ਼ਰ ਤੁਹਾਨੂੰ ਇਹ ਸਾਰੇ ਚੰਗੇ ਗੁਣ ਕਿੱਥੋਂ ਮਿਲੇ ਨੇ?"

"ਬੁਰੇ ਲੋਕਾਂ ਤੋਂ!" ਜਦੋਂ ਸ਼ੇਖ ਸਾਅਦੀ ਨੇ ਜਵਾਬ ਦਿੱਤਾ ਤਾਂ ਸਵਾਲ ਪੁੱਛਣ ਵਾਲਾ ਆਦਮੀ ਹੈਰਾਨ ਰਹਿ ਗਿਆ। ਉਹਦੀ ਹੈਰਾਨੀ ਨੂੰ ਮਹਿਸੂਸ ਕਰਦੇ ਹੋਏ ਸ਼ੇਖ ਸਾਅਦੀ ਨੇ ਸਪਸ਼ਟ ਕੀਤਾ, "ਮੈਂ ਬੁਰੇ ਲੋਕਾਂ ਦੀਆਂ ਜੋ ਬੁਰੀਆਂ ਆਦਤਾਂ ਅਤੇ ਕੰਮ ਵੇਖੇ, ਉਨ੍ਹਾਂ ਤੋਂ ਮੈਂ ਆਪਣੇ ਆਪ ਨੂੰ ਦੂਰ ਕਰ ਲਿਆ। ਬੱਸ ਇਹੀ ਮੇਰੀ ਚੰਗਿਆਈ ਦਾ ਰਾਜ਼ ਹੈ।" ਸਵਾਲ ਪੁੱਛਣ ਵਾਲੇ ਦੀ ਉਤਸੁਕਤਾ ਹੁਣ ਸ਼ਾਂਤ ਹੋ ਗਈ ਸੀ।

### ਵਿਅਰਥ ਇੱਛਾਵਾਂ

ਇੱਕ ਵਾਰ ਸਰ ਆਈਜ਼ੈਕ ਨਿਊਟਨ ਨੇ ਆਪਣੇ ਕਮਰੇ ਵਿੱਚ ਇੱਕ ਪੱਖਾ ਲਗਾਇਆ। ਉਸਨੇ ਲੀਵਰ ਅਤੇ ਪੁਲੀ ਨੂੰ ਇਸ ਤਰ੍ਹਾਂ ਵਿਵਸਥਿਤ ਕੀਤਾ ਕਿ ਚੂਹੇ ਵੀ ਇਸਨੂੰ ਚਲਾ ਸਕਣ। ਉਸਨੇ ਕਣਕ ਦੇ ਕੁਝ ਦਾਣੇ ਦੰਦਾਂ ਵਾਲੇ ਪਹੀਏ ਦੇ ਕੋਲ ਇਸ ਤਰੀਕੇ ਨਾਲ ਰੱਖੇ ਕਿ ਉਹ ਪਹੀਏ ਦੀ ਗਤੀ ਤੋਂ ਪ੍ਰਭਾਵਿਤ ਨਾ ਹੋਣ। ਜਦੋਂ ਚੂਹਾ ਇੱਕ ਦੰਦ ਤੋਂ ਦੂਜੇ ਦੰਦ 'ਤੇ ਛਾਲ ਮਾਰਦਾ ਸੀ, ਤਾਂ ਪਹੀਆ ਘੁੰਮਦਾ ਸੀ ਅਤੇ ਪੱਖਾ ਚੱਲਣ ਲੱਗ ਪੈਂਦਾ ਸੀ, ਪਰ ਕਣਕ ਦੇ ਦਾਣੇ ਆਪਣੀ ਥਾਂ ਤੇ ਸਥਿਰ ਰਹਿੰਦੇ ਸਨ। ਮੂਰਖ ਚੂਹਾ ਇਹ ਮੰਨ ਕੇ ਕਿ ਉਹ ਅਗਲੀ ਛਾਲ ਵਿੱਚ ਦਾਣੇ ਮਿਲ ਜਾਣਗੇ, ਵਾਰ-ਵਾਰ ਛਾਲ ਮਾਰਦਾ ਸੀ। ਪਰ ਬਦਕਿਸਮਤੀ ਨਾਲ ਉਸਨੂੰ ਇਹ ਦਾਣੇ ਕਦੇ ਨਹੀਂ ਮਿਲੇ। ਬਿਲਕੁਲ ਇਸੇ ਤਰ੍ਹਾਂ ਮਨੁੱਖ ਦੀਆਂ ਦੁਨਿਆਵੀ ਉਮੀਦਾਂ ਅਤੇ ਇੱਛਾਵਾਂ ਵੀ ਹੁੰਦੀਆਂ ਹਨ। ਉਹ ਕਦੇ ਪੂਰੀਆਂ ਨਹੀਂ ਹੁੰਦੀਆਂ, ਜਾਂ ਜੇ ਉਹ ਪੂਰੀਆਂ ਹੋ ਵੀ ਜਾਣ ਤਾਂ ਉਹ ਕੋਈ ਸੰਤੁਸ਼ਟੀ ਨਹੀਂ ਦਿੰਦੀਆਂ। ਜਿਵੇਂ ਉਹ ਚੂਹਾ ਦਾਣਿਆਂ ਤੱਕ ਨਹੀਂ ਪਹੁੰਚ ਸਕਿਆ, ਉਸੇ ਤਰ੍ਹਾਂ ਇੱਛਾਵਾਂ ਵਿਚ ਡੁੱਬਿਆ ਮਨੁੱਖ ਵੀ ਸੱਚਾਈ ਤੋਂ ਦੂਰ ਹੀ ਰਹਿੰਦਾ ਹੈ। ਉਸਦੀਆਂ ਇੱਛਾਵਾਂ ਹੀ ਜੀਵਨ ਦੇ 'ਪੱਖੇ' ਨੂੰ ਨਿਰੰਤਰ ਚਲਾਉਂਦੀਆਂ ਰਹਿੰਦੀਆਂ ਹਨ ਇੱਕ ਅੰਤਹੀਣ ਦੌੜ ਵਾਂਗ।



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

## ਮਿੰਨੀ ਕਹਾਣੀ

# ਅਹਿਸਾਨ

ਪੰਜਾਬ ਪੁਲਿਸ ਵਿੱਚ ਨਿਕਲੀ ਭਰਤੀ ਦੀ ਫਾਈਨਲ ਹੋ ਰਹੀ ਲਿਸਟ ਲਈ ਖੇਡ ਮੰਤਰੀ ਨੇ ਆਪਣੇ ਪੀ ਏ ਨੂੰ ਇੱਕ ਨਾਮ ਦਿੰਦੇ ਹੋਏ ਕਿਹਾ, ਇਹ ਵੀ ਲਿਸਟ ਵਿੱਚ ਨੋਟ ਕਰ ਲੈ।ਨਾਮ ਨੂੰ ਦੇਖ ਕੇ ਪੀ ਏ ਬੋਲਿਆ,ਮੰਤਰੀ ਜੀ ਇਹ ਤਾਂ ਤੁਹਾਡੇ ਵਿਰੋਧੀ ਧਿਰ ਦੇ ਆਗੂ ਜਸਵੰਤ ਸਿੰਘ ਗਿੱਲ ਦਾ ਪੁੱਤਰ ਜਗਜੀਤ ਗਿੱਲ ਹੈ।ਪੀ ਏ ਦੀ ਗੱਲ ਦੀ ਸੁਣ ਕੇ ਐਨਕ ਠੀਕ ਕਰਦਿਆਂ ਮੰਤਰੀ ਨੇ ਕਿਹਾ,ਪੀ ਏ ਸਾਬ ਰਾਜਨੀਤੀ ਵਿੱਚ ਕੋਈ ਵਿਰੋਧੀ ਨਹੀਂ ਹੁੰਦਾ ,ਸਿਰਫ਼ ਆਪਣੇ ਹਿੱਤ ਦੇਖੇ ਜਾਂਦੇ ਨੇ। ਜਸਵੰਤ ਸਿੰਘ ਨੇ ਆਪਣੀ ਸਰਕਾਰ ਵਿੱਚ ਮੈਨੂੰ ਭ੍ਰਿਸ਼ਟਚਾਰ ਦੇ ਕੇਸ ਵਿੱਚੋਂ ਬਰੀ ਕਰਵਾਉਣ ਵਿੱਚ ਬਹੁਤ ਮਦਦ ਕੀਤੀ ਸੀ। ਸਿਰਫ਼ ਵੋਟਾਂ ਲੈਣ ਵੇਲੇ ਹੀ ਅਸੀਂ ਵਿਰੋਧੀ ਹੁੰਦੇ ਹਾਂ, ਅੰਦਰੋਂ ਤਾਂ ਸਾਡੀ ਇੱਕੋ ਗੱਲ ਏ।ਮੈਂ ਉਸਦਾ ਇਹ ਕੰਮ ਕਰਕੇ ਜਸਵੰਤ ਸਿੰਘ ਦਾ ਆਪਣੇ ਉੱਤੇ ਕੀਤਾ ਅਹਿਸਾਨ ਚੁਕਾਉਣਾ ਚਾਹੁੰਦਾ ਹਾਂ। ਮੰਤਰੀ ਸਾਬ ਦੀ ਗੱਲ ਸੁਣ ਕੇ ਪੀ ਏ ਸੋਚੀਂ ਪੈ ਗਿਆ ਕਿ ਜਿਸ ਅਹਿਸਾਨ ਨੇ ਪੰਜਾਬ ਦੀਆਂ ਜੜ੍ਹਾਂ ਖੋਖਲੀਆਂ ਕਰ ਦਿੱਤੀਆਂ ਇਸ ਅਹਿਸਾਨ ਦਾ ਸਿਲਸਿਲਾ ਹੋਰ ਕਿੰਨਾ ਕੁ ਸਮਾਂ ਚੱਲੇਗਾ।



ਰਜਵਿੰਦਰ ਪਾਲ ਸ਼ਰਮਾ
ਪਿੰਡ ਕਾਲਝਰਾਣੀ
ਡਾਕਖਾਨਾ ਚੱਕ ਅਤਰ ਸਿੰਘ ਵਾਲਾ
ਤਹਿ ਅਤੇ ਜ਼ਿਲ੍ਹਾ-ਬਠਿੰਡਾ
70873-67969

LARRY T. NIERMEYER
Attorney at Law



OFFERING SERVICES IN THE FOLLOWING AREAS





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com